SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

# ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 113 | Monday, June 12, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਕਾਰ ਚੋਰੀ ਦੌਰਾਨ ਪੁਲਿਸ ਅਧਿਕਾਰੀਆਂ ਵੱਲੋਂ ਗੋਲੀਆਂ ਚਲਾਏ ਜਾਣ ਦੀ ਜਾਂਚ ਕਰ ਰਹੀ ਹੈ ਐਸਆਈਯੂ

ਓਨਟਾਰੀਓ, 11 ਜੂਨ (ਪੋਸਟ ਬਿਊਰੋ) : ਐਤਵਾਰ ਦੁਪਹਿਰੇ ਸਿਟੀ ਦੇ ਪੱਛਮੀ ਸਿਰੇ ਉੱਤੇ ਸਥਿਤ ਲਿਟਲ ਇਟਲੀ ਵਿੱਚ ਕਾਰ ਚੋਰੀ ਦੇ ਮਾਮਲੇ ਵਿੱਚ ਟੋਰਾਂਟੋ ਪੁਲਿਸ ਦੇ ਦੋ ਅਧਿਕਾਰੀਆਂ ਵੱਲੋਂ ਗੋਲੀਆਂ ਚਲਾਉਣ ਦੇ ਮਾਮਲੇ ਦੀ ਓਨਟਾਰੀਓ ਦੀ ਐਸਆਈਯੂ ਵੱਲੋਂ ਜਾਂਚ ਕੀਤੀ ਜਾ ਰਹੀ ਹੈ।



ਪੁਲਿਸ ਅਨੁਸਾਰ ਐਤਵਾਰ ਦੁਪਹਿਰ ਨੂੰ ਇੱਕ ਗੱਡੀ ਚੋਰੀ ਹੋਣ ਦੀ ਰਿਪੋਰਟ ਦੇ ਕੇ ਅਧਿਕਾਰੀਆਂ ਨੂੰ ਓਸਿੰਗਟਨ ਐਵਨਿਊ ਦੇ ਪੂਰਬ ਵੱਲ ਕਾਲਜ ਸਟਰੀਟ ਤੇ ਰੌਕਸਟਨ ਰੋਡ ਇਲਾਕੇ ਵਿੱਚ ਸੱਦਿਆ ਗਿਆ। ਐਤਵਾਰ ਦੁਪਹਿਰ ਨੂੰ ਕੀਤੇ ਟਵੀਟ ਵਿੱਚ ਪੁਲਿਸ ਨੇ ਆਖਿਆ ਕਿ ਮੌਕੇ ਉੱਤੇ ਪਹੁੰਚਣ ਉਪਰੰਤ ਅਧਿਕਾਰੀਆਂ ਵੱਲੋਂ ਦੋ ਮਸ਼ਕੂਕਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਇਸ ਦੌਰਾਨ ਹੀ ਪੁਲਿਸ ਅਧਿਕਾਰੀਆਂ ...ਬਾਕੀ ਸਫਾ 2 'ਤੇ

## ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੀ ਜਨਤਕ ਜਾਂਚ ਨੂੰ ਆਕਾਰ ਦੇਣ ਲਈ ਵਿਰੋਧੀ ਪਾਰਟੀਆਂ ਨਾਲ ਰਲ ਕੇ ਕੰਮ ਕਰਾਂਗੇ : ਪੌਲੀਏਵਰ

ਓਟਵਾ, 11 ਜੂਨ (ਪੋਸਟ ਬਿਊਰੋ) : ਐਤਵਾਰ ਨੂੰ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਨੇ ਆਖਿਆ ਕਿ ਕੈਨੇਡੀਅਨ ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮਾਮਲੇ ਦੀ ਜਨਤਕ ਜਾਂਚ ਨੂੰ ਆਕਾਰ ਦੇਣ ਲਈ ਉਹ ਹੋਰਨਾਂ ਵਿਰੋਧੀ ਧਿਰਾਂ ਦੇ ਆਗੂਆਂ ਨਾਲ ਰਲ ਕੇ ਕੰਮ ਕਰਨਗੇ।

ਐਤਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੌਲੀਏਵਰ ਨੇ ਆਖਿਆ ਕਿ ਇਸ ਜਾਂਚ ਦੀ ਅਗਵਾਈ ਇੰਡੀਪੈਂਡੈਂਟ ਸ਼ਖ਼ਸ ਤੋਂ ਕਰਵਾਈ ਜਾਵੇ ਤੇ ਜਾਂਚ ਦੌਰਾਨ ਜਿਹੜਾ ਪੱਖਪਾਤ ਤੋਂ ਦੂਰ ਹੋਵੇ



ਇਸ ਗੱਲ ਦਾ ਖਾਸ ਖਿਆਲ ਰੱਖਿਆ ਜਾਵੇਗਾ। ਇਹ ਯਕੀਨੀ ਬਣਾਉਣ ਲਈ ਉਹ ਆਪਣੇ ਸਾਰੇ ਵਿਰੋਧੀ ਧਿਰ ਦੇ ਭਾਈਵਾਲਾਂ ਨਾਲ ਰਲ ਕੇ ਕੰਮ ਕਰਨਗੇ। ਉਨ੍ਹਾਂ ਅੱਗੇ ਆਖਿਆ ਕਿ ਇਸ ਮਾਮਲੇ ਦੀ ਜਾਂਚ ਕਰਨ ਵਾਲੇ ਸ਼ਖ਼ਸ ਦਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨਾਲ ਜਾਂ ਟਰੂਡੋ ਫਾਊਂਡੇਸ਼ਨ ਨਾਲ ਕੋਈ ਸਬੰਧ ਨਹੀਂ ਹੋਣਾ ਚਾਹੀਦਾ। ਉਨ੍ਹਾਂ ਅੱਗੇ ਆਖਿਆ ਕਿ ਅਜਿਹੇ ਸ਼ਖ਼ਸ ਦਾ ਕਿਸੇ ਵਿਦੇਸ਼ੀ ਤਾਨਾਸ਼ਾਹੀ ਨਾਲ ਵੀ ਕੋਈ ਸੰਪਰਕ ਨਹੀਂ ਹੋਣਾ ਚਾਹੀਦਾ। ਉਸ ਦਾ ਅਕਸ ਗੈਰ ਪੱਖਪਾਤੀ ਤੇ ਨਿਊਟਰਲ ਰਹਿਣ ਵਾਲੇ ਇਨਸਾਨ ਵਾਲਾ ਹੋਣਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਸ਼ਨਿੱਚਰਵਾਰ ਨੂੰ ਇੰਟਰਗਵਰਮੈਂਟਲ ਅਫੇਅਰਜ਼ ਮੰਤਰੀ ਡੌਮੀਨਿਕ ਲੀਬਲਾਂਕ ਨੇ ਆਖਿਆ ਸੀ ਕਿ ਸਰਕਾਰ ...ਬਾਕੀ ਸਫਾ 2 'ਤੇ

## ਟੋਰਾਂਟੋ ਪੀਅਰਸਨ ਏਅਰਪੋਰਟ ਉੱਤੇ ਖੜ੍ਹੇ ਰੂਸੀ ਜਹਾਜ਼ ਨੂੰ ਸਰਕਾਰ ਨੇ ਕੀਤਾ ਜ਼ਬਤ

ਟੋਰਾਂਟੋ, 11 ਜੂਨ (ਪੋਸਟ ਬਿਊਰੋ) : ਪਿਛਲੇ ਇੱਕ ਸਾਲ ਤੋਂ ਟੋਰਾਂਟੋ ਦੇ ਪੀਅਰਸਨ ਏਅਰਪੋਰਟ ਉੱਤੇ ਪਾਰਕ ਕੀਤੇ ਗਏ ਰੂਸ ਦੇ ਰਜਿਸਟਰਡ ਮਾਲ-ਵਾਹਕ ਜਹਾਜ਼ ਨੂੰ ਕੈਨੇਡੀਅਨ ਸਰਕਾਰ ਵੱਲੋਂ ਜ਼ਬਤ ਕਰ ਲਿਆ ਗਿਆ ਹੈ। ਇਹ ਖੁਲਾਸਾ ਸ਼ਨਿੱਚਰਵਾਰ ਦੁਪਹਿਰ ਨੂੰ ਗਲੋਬਲ ਅਫੇਅਰਜ਼ ਕੈਨੇਡਾ ਵੱਲੋਂ ਕੀਤਾ ਗਿਆ।

ਗਲੋਬਲ ਅਫੇਅਰਜ਼ ਕੈਨੇਡਾ ਵੱਲੋਂ ਜਾਰੀ ਕੀਤੀ ਗਈ ਪ੍ਰੈੱਸ ਰਲੀਜ਼ ਅਨੁਸਾਰ ਇਹ ਜਹਾਜ਼, ਜੋ ਕਿ ਐਂਤੋਨੋਵ 124 ਹੈ,



ਵੋਲਗਾ-ਨੈਪਰ ਏਅਰਲਾਈਨਜ਼ ਐਲਐਲਸੀ ਤੇ ਵੋਲਗਾ-ਨਾਈਪਰ ਗਰੁੱਪ ਦੀ ਮਲਕੀਅਤ ਹੈ। ਜ਼ਿਕਰਯੋਗ ਹੈ ਕਿ ਰੂਸ ਵੱਲੋਂ ਯੂਕਰੇਨ ਖਿਲਾਫ ਵਿੱਢੀ ਗਈ ਲੜਾਈ ਕਾਰਨ ਇਨ੍ਹਾਂ ਦੋਵਾਂ ਗਰੁੱਪਸ ਉੱਤੇ ਕੈਨੇਡਾ ਵੱਲੋਂ ਪਾਬੰਦੀਆਂ ਲਾਈਆਂ ਗਈਆਂ ਹਨ। ਇਹ ਜਹਾਜ਼ 27 ਫਰਵਰੀ, 2022 ਤੋਂ ਹੀ ਪੀਅਰਸਨ ਏਅਰਪੋਰਟ ਉੱਤੇ ਖੜ੍ਹਾ ਹੈ। ਗ੍ਰੇਟਰ ਟੋਰਾਂਟੋ ਏਅਰਪੋਰਟਸ ਅਥਾਰਟੀ (ਜੀਟੀਏਏ) ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਜਹਾਜ਼ ਦੇ ਮਾਲਕ ਨੂੰ ਟੋਰਾਂਟੋ ਪੀਅਰਸਨ ਉੱਤੇ ਜਹਾਜ਼ ਪਾਰਕ ਕਰਨ ਬਦਲੇ ਪ੍ਰਤੀ ਮਿੰਟ 74 ਸੈਂਟ ਦੇਣੇ ਪੈਂਦੇ। ਇਸ ਹਿਸਾਬ ਨਾਲ ਜਹਾਜ਼ ਦੇ ਮਾਲਕ ਨੂੰ ਹਰ 24 ਘੰਟੇ ਪਿੱਛੇ 1,065·60 ਡਾਲਰ ਦੇਣੇ ਪੈਂਦੇ। ...ਬਾਕੀ ਸਫਾ 2 'ਤੇ

## ਚੱਲਦੀ ਗੱਡੀ ਦੀ ਛੱਤ ਉੱਤੇ ਚੜ੍ਹਿਆ ਟੀਨੇਜਰ, ਪੁਲਿਸ ਕਰ ਰਹੀ ਹੈ ਜਾਂਚ

ਟੋਰਾਂਟੋ, 11 ਜੂਨ (ਪੋਸਟ ਬਿਊਰੋ) : ਸ਼ਨਿੱਚਰਵਾਰ ਰਾਤ ਨੂੰ ਇਟੋਬੀਕੋ ਵਿੱਚ ਚੱਲਦੀ ਹੋਈ ਗੋਟਰੇਨ ਦੀ ਛੱਤ ਉੱਤੇ ਇੱਕ ਟੀਨੇਜਰ ਦੇ ਮੌਜੂਦ ਹੋਣ ਦੇ ਮਾਮਲੇ ਦੀ ਟੋਰਾਂਟੋ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਪੁਲਿਸ ਨੇ ਦੱਸਿਆ ਕਿ ਇੱਕ ਟੀਨੇਜਰ ਨੂੰ ਰਾਤੀਂ 9:00 ਵਜੇ ਤੋਂ ਪਹਿਲਾਂ



ਇਸਲਿੰਗਟਨ ਐਵਨਿਊ ਤੇ ਦ ਗਾਰਡੀਨਰ ਐਕਸਪ੍ਰੈੱਸਵੇਅ ਨੇੜੇ ਜਾ ਰਹੀ ਟਰੇਨ ਦੀ ਛੱਤ ਉੱਤੇ ਵੇਖਿਆ ਗਿਆ। ਇਸ ਦਾ ਪਤਾ ਲੱਗਣ ਤੋਂ ਤੁਰੰਤ ਬਾਅਦ ਹੀ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚ ਗਏ। ਉਨ੍ਹਾਂ ਵੱਲੋਂ ਗੱਡੀ ਰੋਕਣ ਦੀ ਅਪੀਲ ਵੀ ਕੀਤੀ ਗਈ। ਪਰ ਗੱਡੀ ਨੂੰ ਕਿੱਥੇ ਤੇ ਕਦੋਂ ਰੋਕਿਆ ਗਿਆ ਇਸ ਬਾਰੇ ਅਜੇ ਕੋਈ ਜਾਣਕਾਰੀ ਨਹੀਂ ਮਿਲੀ ਹੈ।

ਪੁਲਿਸ ਨੇ ...ਬਾਕੀ ਸਫਾ 2 'ਤੇ

## ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਦੇ ਖਿਤਾਬ 'ਤੇ ਭਾਰਤ ਨੇ ਕੀਤਾ, ਫਾਈਨਲ 'ਚ ਦੱਖਣੀ ਕੋਰੀਆ ਨੂੰ 2-1 ਨਾਲ ਹਰਾਇਆ

ਨਵੀਂ ਦਿੱਲੀ, 11 ਜੂਨ (ਪੋਸਟ ਬਿਊਰੋ): ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਦਾ ਖਿਤਾਬ ਜਿੱਤ ਕੇ ਭਾਰਤ ਦੀ ਜੂਨੀਅਰ ਮਹਿਲਾ ਹਾਕੀ ਟੀਮ ਨੇ ਇਤਿਹਾਸ ਰਚ ਦਿੱਤਾ ਹੈ। ਪਹਿਲੀ ਵਾਰ ਮਹਿਲਾ ਜੂਨੀਅਰ ਹਾਕੀ ਏਸ਼ੀਆ ਕੱਪ ਦਾ ਖਿਤਾਬ ਜਿੱਤਿਆ। ਟੀਮ ਇੰਡੀਆ ਨੇ ਫਾਈਨਲ 'ਚ ਚਾਰ




ਵਾਰ ਦੀ ਚੈਂਪੀਅਨ ਦੱਖਣੀ ਕੋਰੀਆ ਨੂੰ 2-1 ਨਾਲ ਹਰਾਇਆ। ਭਾਰਤ ਲਈ ਅਨੂ ਅਤੇ ਨੀਲਮ ਨੇ ਗੋਲ ਕੀਤੇ। ...ਬਾਕੀ ਪੰਨਾ 5 'ਤੇ

NOW HIRING !!!
ALLKIND INSURANCE
•Life Insurance •Critical illness Ins •Travel & Visitor Ins •RESP & TFSA & RRSP
•Super Visa Insurance •Mortgage Insurance •Disability Insurance •Funeral Insurance
SIMRAN SAINI 416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
"Ourr Home In Every Home"
GET SPECIAL DISCOUNTS ON PACKAGES
HOT SUMMER Deal $1699*
SWASH The Perfect Laundry Pairing
JENNAIR LUXURY REDEFINED 10% 15% 20%
REWARD YOURSELF BUY MORE SAVE MORE 15%OFF 20%OFF 25%OFF
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

SUPER VISA INSURANCE EXPERTS
Punjab Insurance Inc
RANJIT GILL Insurance Advisor
Ph: 416-724-5000
Disability Insurance, Mortgage Insurance, Life Insurance, Visitor & Travel Insurance, RESP(Education Plan), Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

AUTO & HOME INSURANCE
Super visa Insurance, Life & Disability, Critical illness, RESP, Visitor & Travel insurance
(416-845-1352)
Manwinder Mangat
Axael InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley 905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Cell: 416-841-4218 Tel: 905-216-5563
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
ਫਰੀ ਪਿਕਅਪ
647-998-7500 ਬਲਵਿੰਦਰ

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law, Business Law, Wills & Estates, Family Law, Power of Attorney, Civil Litigation, Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਤੇਲੰਗਾਨਾ ਵਿਚ 19 ਸਾਲਾ ਲੜਕੀ ਦਾ ਬੇਰਹਿਮੀ ਨਾਲ ਕਤਲ, ਸਰੀਰ 'ਤੇ ਬਲੇਡ ਨਾਲ ਕੀਤਾ ਹਮਲਾ

ਵਿਕਰਾਬਾਦ, 11 ਜੂਨ (ਪੋਸਟ ਬਿਊਰੋ): ਤੇਲੰਗਾਨਾ ਦੇ ਵਿਕਰਾਬਾਦ ਜ਼ਿਲੇ ਦੇ ਕਦਲਾਪੁਰ ਪਿੰਡ 'ਚ ਐਤਵਾਰ ਨੂੰ ਦਿਲ ਦਹਿਲਾ ਦੇਣ ਵਾਲਾ ਮਾਮਲਾ ਸਾਹਮਣੇ ਆਇਆ। ਇੱਥੇ ਇੱਕ 19 ਸਾਲਾ ਲੜਕੀ ਦਾ ਕਥਿਤ ਤੌਰ 'ਤੇ ਕਤਲ ਕਰ ਦਿੱਤਾ ਗਿਆ ਅਤੇ ਉਸਦੀ ਲਾਸ਼ ਨੂੰ ਪਾਣੀ ਦੀ ਟੈਂਕੀ ਵਿੱਚ ਸੁੱਟ ਦਿੱਤਾ ਗਿਆ। ਪੁਲਿਸ ਨੇ ਲਾਸ਼ ਨੂੰ ਬਰਾਮਦ ਕਰ ਲਿਆ ਹੈ ਅਤੇ ਅਗਲੇਰੀ ਕਾਰਵਾਈ ਜਾਰੀ ਹੈ।

ਮੁੱਢਲੀ ਜਾਂਚ ਦੇ ਆਧਾਰ 'ਤੇ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਔਰਤ ਦੀਆਂ ਅੱਖਾਂ 'ਤੇ ਗੰਭੀਰ ਸੱਟਾਂ ਲੱਗੀਆਂ ਹਨ। ਇਸ ਤੋਂ ਇਲਾਵਾ ਉਸ ਦੀ ਗਰਦਨ, ਬਾਹਾਂ ਅਤੇ ਲੱਤਾਂ ਵਿੱਚ ਬਲੇਡ ਨਾਲ ਕਈ ਵਾਰ ਕੀਤੇ ਗਏ। ਉਸ ਨੇ ਦੱਸਿਆ ਕਿ ਹਸਪਤਾਲ 'ਚ ਕੰਮ ਕਰਨ ਵਾਲੀ ਲੜਕੀ ਸ਼ਨੀਵਾਰ ਦੇਰ ਰਾਤ ਬਿਨਾਂ ਦੱਸੇ ਘਰੋਂ ਚਲੀ ਗਈ ਸੀ। ਇਸ ਤੋਂ ਬਾਅਦ ਜਦੋਂ ਉਹ ਵਾਪਸ ਨਹੀਂ ਪਰਤੀ ਤਾਂ ਉਸ ਦੇ ਪਿਤਾ ਨੇ ਉਸ ਦੀ ਭਾਲ ਕੀਤੀ ਪਰ ਉਹ ਨਹੀਂ ਮਿਲੀ। ਇਸੇ ਦੌਰਾਨ ਅੱਜ ਪਿੰਡ ਦੇ ਕੁਝ ਲੋਕਾਂ ਨੇ ਪਾਣੀ ਵਾਲੀ ਟੈਂਕੀ ਵਿੱਚ ਲੜਕੀ ਦੀ ਲਾਸ਼ ਦੇਖੀ ਅਤੇ ਪੁਲੀਸ ਨੂੰ ਸੂਚਨਾ ਦਿੱਤੀ। ਇਸ ਤੋਂ ਬਾਅਦ ਲਾਸ਼ ਨੂੰ ਬਾਹਰ ਕੱਢ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ। ਪੁਲਿਸ ਅਧਿਕਾਰੀ ਨੇ ਕਿਹਾ ਕਿ ਕਤਲ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ।

## ਪਾਕਿ ਦੇ ਖੈਬਰ ਪਖਤੂਨਖਵਾ ਅਤੇ ਪੰਜਾਬ ਸੂਬੇ 'ਚ ਭਾਰੀ ਮੀਂਹ, 28 ਦੀ ਮੌਤ, 140 ਜ਼ਖਮੀ



ਲਾਹੌਰ, 11 ਜੂਨ (ਪੋਸਟ ਬਿਊਰੋ): ਪਾਕਿਸਤਾਨ ਦੇ ਖੈਬਰ ਪਖਤੂਨਖਵਾ ਅਤੇ ਪੰਜਾਬ ਸੂਬਿਆਂ 'ਚ ਸ਼ਨੀਵਾਰ ਨੂੰ ਭਾਰੀ ਮੀਂਹ ਕਾਰਨ 28 ਲੋਕਾਂ ਦੀ ਮੌਤ ਹੋ ਗਈ ਅਤੇ 140 ਤੋਂ ਜ਼ਿਆਦਾ ਜ਼ਖਮੀ ਹੋ ਗਏ। ਮੀਂਹ ਕਾਰਨ ਕਈ ਘਰ ਤਬਾਹ ਹੋ ਗਏ, ਦਰੱਖਤ ਉੱਖੜ ਗਏ ਅਤੇ ਬਿਜਲੀ ਦੇ ਖੰਭੇ ਡਿੱਗ ਗਏ। ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਜਾਨੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਅਧਿਕਾਰੀਆਂ ਨੂੰ ਰਾਹਤ ਅਤੇ ਬਚਾਅ ਕਾਰਜਾਂ ਨੂੰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ।

ਅਧਿਕਾਰੀਆਂ ਨੇ ਦੱਸਿਆ ਕਿ ਭਾਰੀ ਮੀਂਹ ਅਤੇ ਗੜ੍ਹੇਮਾਰੀ ਕਾਰਨ ਖੈਬਰ ਪਖਤੂਨਖਵਾ ਦੇ ਬੰਨੂ, ਲੱਕੀ ਮਰਵਤ, ਡੇਰਾ ਇਸਮਾਈਲ ਖਾਨ ਅਤੇ ਕਰਕ ਜ਼ਿਲ੍ਹਿਆਂ ਵਿੱਚ 25 ਲੋਕਾਂ ਦੀ ਮੌਤ ਹੋ ਗਈ। ਪੰਜਾਬ ਦੇ ਖੁਸਾਬ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਘਰ ਦੀ ਕੰਧ ਡਿੱਗਣ ਨਾਲ ਤਿੰਨ ਲੜਕੀਆਂ ਦੀ ਕੁਚਲ ਕੇ ਮੌਤ ਹੋ ਗਈ। ਰਾਹਤ ਅਧਿਕਾਰੀ ਖਤੀਰ ਅਹਿਮਦ ਨੇ ਦੱਸਿਆ ਕਿ ਜ਼ਖਮੀਆਂ ਨੂੰ ਤੁਰੰਤ ਰਾਹਤ ਮੁਹੱਈਆ ਕਰਵਾਈ ਜਾ ਰਹੀ ਹੈ।

ਪਿਛਲੇ ਸਾਲ ਵੀ ਪਾਕਿਸਤਾਨ ਵਿੱਚ ਮਾਨਸੂਨ ਦੀ ਬਾਰਸ਼ ਤੋਂ ਬਾਅਦ ਆਏ ਹੜ੍ਹਾਂ ਨੇ ਭਾਰੀ ਤਬਾਹੀ ਮਚਾਈ ਸੀ ਅਤੇ 1700 ਤੋਂ ਵੱਧ ਲੋਕਾਂ ਦੀ ਜਾਨ ਲੈ ਲਈ ਸੀ ਅਤੇ ਤਿੰਨ ਕਰੋੜ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਸਨ। ਲੱਖਾਂ ਲੋਕਾਂ ਨੂੰ ਬੇਘਰ ਵੀ ਹੋਣਾ ਪਿਆ।

## ਅੱਜ ਨਾਮਾ

ਵਿਕਦਾ ਜਾਅਲੀ ਸਮਾਨ ਆ ਹਿੰਦ ਅੰਦਰ,
ਲੋਕਾਂ ਕਾਰਡ ਨੇ ਜਾਅਲੀ ਬਣਵਾਏ ਬੇਲੀ।
ਜਾਅਲੀ ਬੈਂਕ ਦਾ ਖਾਤਾ ਹਨ ਪੇਸ਼ ਕਰਦੇ,
ਕਈ ਕਈ ਥਾਂਈਂ ਨੇ ਖਾਤੇ ਚਲਾਏ ਬੇਲੀ।
ਬੱਸਾਂ ਵਾਸਤੇ ਜਾਅਲੀ ਹਨ ਰੂਟ ਪਰਮਿਟ,
ਪਰਖਣ ਵਾਸਤੇ ਅਫਸਰ ਨਾ ਜਾਏ ਬੇਲੀ।
ਖੇਚਲ ਪਰਖ ਦੀ ਕਿਸੇ ਵੀ ਕਿਉਂ ਕਰਨੀ,
ਬੱਧਾ ਕਮਿਸ਼ਨ ਕੋਈ ਘਰੇ ਪੁਚਾਏ ਬੇਲੀ।
ਜਾਅਲੀ-ਜਾਅਲੀ ਦਾ ਗੇੜ ਆ ਬੜਾ ਲੰਮਾ,
ਵਿੰਹਦਿਆਂ ਉਲਟਦੀ ਕਿਸੇ ਦੀ ਮੱਤ ਬੇਲੀ।
ਹਰ ਥਾਂ ਚੌਧਰ ਜਿਹੀ ਚੋਰ-ਉਚੱਕਿਆਂ ਦੀ,
ਢੱਕ ਲਿਆ ਝੂਠ ਨੇ ਸੱਭੇ ਥਾਂ 'ਸੱਤ' ਬੇਲੀ।

**ਤੀਸ ਮਾਰ ਖਾਂ**

## ਕਾਰ ਚੋਰੀ ਦੌਰਾਨ ਪੁਲਿਸ ਅਧਿਕਾਰੀਆਂ ਵੱਲੋਂ ਗੋਲੀਆਂ ਚਲਾਏ ਜਾਣ ਦੀ ਜਾਂਚ ਕਰ ਰਹੀ ਹੈ ਐਸਆਈਯੂ

ਪੰਨਾ 1 ਦਾ ਬਾਕੀ

ਵੱਲੋਂ ਗੋਲੀਆਂ ਵੀ ਚਲਾਈਆਂ ਗਈਆਂ। ਐਤਵਾਰ ਨੂੰ ਜਾਰੀ ਕੀਤੀ ਗਈ ਪ੍ਰੈੱਸ ਰਲੀਜ਼ ਵਿੱਚ ਓਨਟਾਰੀਓ ਦੀ ਸਪੈਸ਼ਲ ਇਨਵੈਸਟੀਗੇਸ਼ਨ ਯੂਨਿਟ (ਐਸਆਈਯੂ) ਵੱਲੋਂ ਇਹ ਸਫਾਈ ਦਿੱਤੀ ਗਈ ਕਿ ਚੋਰੀ ਕਰਕੇ ਗੱਡੀ ਲਿਜਾ ਰਹੇ ਦੋ ਵਿਅਕਤੀਆਂ ਨਾਲ ਪੁਲਿਸ ਅਧਿਕਾਰੀਆਂ ਦਾ ਟਾਕਰਾ ਹੋ ਗਿਆ ਤੇ ਬਹਿਸ ਦੌਰਾਨ ਪੁਲਿਸ ਅਧਿਕਾਰੀਆਂ ਵੱਲੋਂ ਗੋਲੀਆਂ ਚਲਾਈਆਂ ਗਈਆਂ। ਇਸ ਦੇ ਬਾਵਜੂਦ ਮਸ਼ਕੂਕ ਕਾਰ ਲੈ ਕੇ ਜਾਣ ਵਿੱਚ ਸਫਲ ਹੋ ਗਏ। ਚਸ਼ਮਦੀਦਾਂ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਉਨ੍ਹਾਂ ਨੂੰ ਘੱਟੋ ਘੱਟ ਚਾਰ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਆਈਆਂ।

ਪੁਲਿਸ ਵੱਲੋਂ ਗੱਡੀ ਦਾ ਪਿੱਛਾ ਕੀਤਾ ਗਿਆ ਤੇ ਗੱਡੀ ਬਲੂਅਰ ਸਟਰੀਟ ਵੈਸਟ ਤੇ ਹੈਵਲੌਕ ਸਟਰੀਟ ਇਲਾਕੇ ਵਿੱਚ ਖੰਭੇ ਨਾਲ ਟਕਰਾ ਗਈ। ਐਸਆਈਯੂ ਵੱਲੋਂ ਪੁਸ਼ਟੀ ਕੀਤੀ ਗਈ ਕਿ ਗੱਡੀ ਵਿੱਚ ਸਵਾਰ 26 ਸਾਲਾ ਤੇ 45 ਸਾਲਾ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇੱਕ ਮਸ਼ਕੂਕ ਨੂੰ ਮਾਮੂਲੀ ਜ਼ਖ਼ਮੀ ਹਾਲਤ ਵਿੱਚ ਇਲਾਜ ਲਈ ਹਸਪਤਾਲ ਵੀ ਲਿਜਾਇਆ ਗਿਆ।

## ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੀ ਜਨਤਕ ਜਾਂਚ ਨੂੰ ਆਕਾਰ ਦੇਣ ਲਈ ਵਿਰੋਧੀ ਪਾਰਟੀਆਂ ਨਾਲ ਰਲ ਕੇ ਕੰਮ ਕਰਾਂਗੇ : ਪੌਲੀਐਵਰ

ਪੰਨਾ 1 ਦਾ ਬਾਕੀ

ਇਸ ਮਾਮਲੇ ਦੀ ਜਨਤਕ ਜਾਂਚ ਲਈ ਤਿਆਰ ਹੈ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਚੁਫੇਰਿਓਂ ਹੋ ਰਹੇ ਵਿਰੋਧ ਮਗਰੋਂ ਦੋ ਮਹੀਨੇ ਸਪੈਸ਼ਲ ਰੈਪੋਰਟਰ ਰਹਿਣ ਤੋਂ ਬਾਅਦ ਸ਼ੁੱਕਰਵਾਰ ਨੂੰ ਜੌਹਨਸਟਨ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਇਸ ਦੌਰਾਨ ਲੀਬਲਾਂਕ ਨੇ ਆਖਿਆ ਕਿ ਸਰਕਾਰ ਵਿਦੇਸ਼ੀ ਦਖ਼ਲ ਦੇ ਮਾਮਲੇ ਦੀ ਜਾਂਚ ਤੇ ਇਸ ਦੇ ਮੁਲਾਂਕਣ ਲਈ ਜਨਤਕ ਪ੍ਰਕਿਰਿਆ ਸ਼ੁਰੂ ਕਰਨ ਲਈ ਕਾਹਲੀ ਹੈ। ਇਸ ਲਈ ਸਰਕਾਰ ਵਿਰੋਧੀ ਧਿਰਾਂ ਨਾਲ ਰਲ ਕੇ ਕੰਮ ਕਰਨਾ ਚਾਹੁੰਦੀ ਹੈ।

## ਚੱਲਦੀ ਗੱਡੀ ਦੀ ਛੱਤ ਉੱਤੇ ਚੜ੍ਹਿਆ ਟੀਨੇਜਰ, ਪੁਲਿਸ ਕਰ ਰਹੀ ਹੈ ਜਾਂਚ

ਪੰਨਾ 1 ਦਾ ਬਾਕੀ

ਟਵਿੱਟਰ ਉੱਤੇ ਆਖਿਆ ਕਿ ਇਹ ਕਾਫੀ ਖਤਰਨਾਕ ਘਟਨਾ ਹੈ ਤੇ ਫੜ੍ਹੇ ਜਾਣ ਉੱਤੇ ਉਸ ਟੀਨੇਜਰ ਨੂੰ ਚਾਰਜ ਵੀ ਕੀਤਾ ਜਾ ਸਕਦਾ ਹੈ। ਐਤਵਾਰ ਤੱਕ ਪੁਲਿਸ ਵੱਲੋਂ ਇਸ ਗੱਲ ਦੀ ਪੁਸ਼ਟੀ ਨਹੀਂ ਕੀਤੀ ਗਈ ਸੀ ਕਿ ਕੋਈ ਗੱਡੀ ਦੇ ਉੱਤੇ ਸੀ ਵੀ ਜਾਂ ਨਹੀਂ।

## ਟੋਰਾਂਟੋ ਪੀਅਰਸਨ ਏਅਰਪੋਰਟ ਉੱਤੇ ਖੜ੍ਹੇ ਰੂਸੀ ਜਹਾਜ਼ ਨੂੰ ਸਰਕਾਰ ਨੇ ਕੀਤਾ ਜ਼ਬਤ

ਪੰਨਾ 1 ਦਾ ਬਾਕੀ

ਸ਼ੁਰੂਆਤ ਵਿੱਚ ਰੂਸ ਦੇ ਇਸ ਜਹਾਜ਼ ਨੇ ਅਮਰੀਕਾ ਤੇ ਰੂਸ ਤੋਂ ਵਾਇਆ ਚੀਨ ਆਉਂਦਿਆਂ ਹੋਇਆਂ, ਇੱਥੇ ਪਹੁੰਚਣ ਤੋਂ ਕੁੱਝ ਸਮੇਂ ਬਾਅਦ ਹੀ ਚਲੇ ਜਾਣਾ ਸੀ ਪਰ ਪਿਛਲੇ ਸਾਲ ਫਰਵਰੀ ਵਿੱਚ ਕੈਨੇਡੀਅਨ ਸਰਕਾਰ ਵੱਲੋਂ ਰੂਸੀ ਜਹਾਜ਼ ਆਪਰੇਟਰਜ਼ ਲਈ ਦੇਸ਼ ਦੀ ਏਅਰਸਪੇਸ ਬੰਦ ਕਰ ਦਿੱਤੇ ਜਾਣ ਕਾਰਨ ਇਹ ਜਹਾਜ਼ ਅਣਮਿੱਥੇ ਸਮੇਂ ਲਈ ਇੱਥੇ ਹੀ ਪਾਰਕ ਰਹਿ ਗਿਆ। ਗਲੋਬਲ ਅਫੇਅਰਜ਼ ਅਨੁਸਾਰ ਇਸ ਜਹਾਜ਼ ਨੂੰ ਰੋਕ ਕੇ ਕੈਨੇਡਾ ਨੇ ਇੱਕ ਤਰ੍ਹਾਂ ਯੂਕਰੇਨ ਖਿਲਾਫ ਜੰਗ ਬੰਦ ਕਰਨ ਦਾ ਵੀ ਰੂਸ ਉੱਤੇ ਦਬਾਅ ਪਾਇਆ ਸੀ।





















# ਪਹਿਲਾ ਵਿਵਾਦ ਹਾਲੇ ਮੁੱਕਿਆ ਨਹੀਂ ਕਿ 'ਅਖੰਡ ਭਾਰਤ' ਦੇ ਨਕਸ਼ੇ ਨੇ ਨਵਾਂ ਬੇਲੋੜਾ ਵਿਵਾਦ ਛੇੜ ਛੱਡਿਐ

ਜਤਿੰਦਰ ਪਨੂੰ ਦੀ ਕਲਮ ਤੋਂ



ਬਿਨਾਂ ਕਿਸੇ ਖਾਸ ਲੋੜ ਤੋਂ ਅਤੇ ਪਹਿਲੀ ਬਿਲਡਿੰਗ ਨਾਲ ਬੁੱਤਾ ਸਰਦਾ ਹੋਣ ਦੇ ਬਾਵਜੂਦ ਭਾਰਤ ਸਰਕਾਰ ਵੱਲੋਂ ਬਣਾਈ ਗਈ ਪਾਰਲੀਮੈਂਟ ਦੀ ਨਵੀਂ ਬਿਲਡਿੰਗ 'ਸੈਂਟਰਲ ਵਿਸਟਾ' ਦਾ ਵਿਵਾਦ ਅਜੇ ਰੁਕਿਆ ਨਹੀਂ ਸੀ ਕਿ ਇਸ ਵਿੱਚ ਲਾਏ ਇੱਕ ਨਕਸ਼ੇ ਨੇ ਨਵਾਂ ਵਿਵਾਦ ਛੇੜ ਦਿੱਤਾ ਹੈ। ਹਿੰਦੀ ਅਤੇ ਹਿੰਦੂਤੱਵ ਦੀ ਧਾਰਨਾ ਨੂੰ ਮੰਨਦੀ ਪਾਰਟੀ ਦੀ ਅੰਗਰੇਜ਼ੀ ਨਾਲ ਮੋਹ ਵਾਲੀਜਿਸ ਟੀਮ ਨੇ ਨਵੀਂ ਬਿਲਡਿੰਗ ਲਈ ਇਹ ਖਾਸ ਨਾਮ ਚੁਣਿਆ ਹੈ, ਜੇ ਉਨ੍ਹਾਂ ਲੋਕਾਂ ਨੇ ਹਿੰਦੀ ਸ਼ਬਦਾਂ ਦੇ ਪ੍ਰਮੁੱਖ ਸ਼ਬਦ-ਕੋਸ਼ ਫੋਲ ਲਏ ਹੁੰਦੇ ਤਾਂ ਇਹ ਨਾਮ ਕਦੀਨਾਰੱਖਦੇ। ਅੰਗਰੇਜ਼ੀ ਦਾ ਸ਼ਬਦ 'ਵਿਸਟਾ' ਕਿਸੇ ਉੱਚੀ ਥਾਂ ਤੋਂ ਵੇਖੇ ਗਏ ਕਿਸੇ ਵੱਡੇ ਸਾਰੇ ਦ੍ਰਿਸ਼ ਦਾ ਪ੍ਰਤੀਕ ਹੋ ਸਕਦਾ ਹੈ, ਪਰ ਹਿੰਦੀ ਤੇ ਸੰਸਕ੍ਰਿਤ ਵਿੱਚ ਇਸ ਸ਼ਬਦ ਦਾ ਅਰਥ ਚੰਗਾ ਨਹੀਂ ਦੱਸਿਆ ਗਿਆ ਤੇ ਉਹ ਅਰਥ ਅਸੀਂ ਏਥੇ ਦੱਸਣਾ ਨਹੀਂ ਚਾਹੁੰਦੇ, ਜਿਨ੍ਹਾਂ ਕਿਸੇ ਦੀ ਖਾਹਿਸ਼ ਹੋਵੇ, ਉਹ ਗੁਰਬਾਣੀ ਵਿੱਚ ਵਾਰ-ਵਾਰ ਆਏ 'ਵਿਸਟਾ' ਸ਼ਬਦ ਦੇ ਅਰਥ ਵੇਖ ਕੇ ਹਿੰਦੀ ਵਾਲੇ ਅਰਥ ਵੀ ਜਾਣ ਸਕਦਾ ਹੈ।

ਇਸ ਨਵੀਂ ਇਮਾਰਤ ਦੀ ਲੋੜ, ਇਸ ਵਿੱਚ ਰੱਖੇ ਗਏ ਸੇਂਗੋਲ ਨਾਲ ਜੋੜੀਆਂ ਗਈਆਂ ਕੁਝ ਕਲਪਿਤ ਕਹਾਣੀਆਂ ਤੇ ਪੇਸ਼ ਕੀਤੇ ਗਏ ਕਿੱਸੇ ਦੀ ਚਰਚਾਸਭ ਪਿੱਛੇ ਰਹਿ ਗਏ ਤੇਜੂਨ ਦੇ ਦੂਸਰੇ ਹਫਤੇ ਇਸ ਦੀ ਥਾਂ ਨਵੀਂ ਬਿਲਡਿੰਗ ਵਿੱਚ ਲਾਏ ਗਏ ਇੱਕ ਪੁਰਾਣੇ ਨਕਸ਼ੇ ਦਾਵੱਡਾ ਵਿਵਾਦ ਛਿੜ ਗਿਆ ਹੈ। 'ਅਖੰਡ ਭਾਰਤ' ਨਾਂਅ ਦਾ ਇਹ ਨਕਸ਼ਾ ਉਸ ਪੁਰਾਣੇ ਭਾਰਤ ਦੇਸ਼ ਦਾ ਦੱਸਿਆ ਜਾਂਦਾ ਹੈ, ਜਦੋਂ ਇਸ ਦੇਸ਼ ਦੀਆਂ ਹੱਦਾਂ ਬਹੁਤ ਦੂਰ, ਪਾਕਿਸਤਾਨ ਜਾਂ ਬੰਗਲਾ ਦੇਸ਼, ਨੇਪਾਲ ਜਾਂ ਭੁਟਾਨ, ਸ੍ਰੀਲੰਕਾ ਜਾਂ ਸਮੁੰਦਰ ਵਿਚਲੇ ਮਾਲਦੀਵ ਤੱਕ ਹੀ ਨਹੀਂ ਸੀ ਜਾਂਦੀਆਂ, ਚੀਨ ਵਿੱਚ ਤਿੱਬਤ ਅਤੇ ਅਫਗਾਨਿਸਤਾਨ ਤੱਕ ਨੂੰ ਭਾਰਤੀ ਵਿਰਾਸਤਦੀ ਬੁੱਕਲ ਵਿੱਚ ਲੈਂਦੀਆਂ ਸਨ। ਇਸ ਨਕਸ਼ੇ ਦੀ ਪੇਸ਼ਕਾਰੀ ਕਰਨ ਦੀ ਲੋੜ ਕਿਉਂ ਪਈ ਅਤੇ ਇਹ ਕਿਸ ਚੁਸਤ ਦਿਮਾਗ ਦਾ ਫਤੂਰ ਸੀ, ਇਹ ਤਾਂ ਪਤਾ ਨਹੀਂ, ਪਰ ਇਸ ਕਾਰਨ ਭਾਰਤ ਦੇ ਕੁਝ ਮਿੱਤਰ ਦੇਸ਼, ਨੇਪਾਲ, ਭੁਟਾਨ ਅਤੇ ਬੰਗਲਾ ਦੇਸ਼ ਆਦਿ ਵੀ ਗਹਿਰੀ ਨਾਰਾਜ਼ਗੀ ਜ਼ਾਹਰ ਕਰਦੇ ਪਏ ਹਨ। ਇਨ੍ਹਾਂ ਵਿੱਚੋਂ ਗਵਾਂਢ ਦੇ ਮਿੱਤਰ ਦੇਸ਼ ਨੇਪਾਲ ਦੀ ਰਾਜਧਾਨੀ ਕਾਠਮੰਡੂ ਦੇ ਮੇਅਰ ਨੇ ਇਸ ਭਾਰਤੀ ਨਕਸ਼ੇ ਦੇ ਜਵਾਬ ਵਿੱਚ 'ਗਰੇਟਰ ਨੇਪਾਲ' ਦਾ ਨਕਸ਼ਾ ਕੱਢ ਲਿਆਂਦਾ ਹੈ, ਜਿਸ ਵਿੱਚ ਭਾਰਤ ਦੇ ਕਈ ਇਲਾਕੇ ਵਿਖਾ ਕੇ ਦੱਸਿਆ ਕਿ ਇਹ ਨੇਪਾਲ ਵਿੱਚ ਹੋਇਆ ਕਰਦੇ ਸਨ। ਚੀਨ ਪਹਿਲਾਂ ਹੀ ਭਾਰਤ ਦੇ ਅਰੁਣਾਚਲ ਪ੍ਰਦੇਸ਼ ਵਰਗੇ ਕਈ ਇਲਾਕਿਆਂ ਉੱਤੇ ਦਾਅਵਾ ਕਰਦਾ ਪਿਆ ਸੀ, ਜਦੋਂ ਉਸ ਵਿਚਲੇ ਤਿੱਬਤ ਨੂੰ ਭਾਰਤੀ ਨਕਸ਼ੇ ਵਿੱਚ 'ਕਿਸੇ ਸਮੇਂ ਸਾਡਾ ਰਹਿ ਚੁੱਕਾ' ਦੱਸਿਆ ਹੈ ਤਾਂ ਉਹ ਵੀ ਇਸ ਤੋਂ ਰਿੱਝਦਾ ਹੋ ਸਕਦਾ ਹੈਅਤੇ ਜਿਹੜੇ ਸ੍ਰੀਲੰਕਾ ਨੂੰ ਪਿਛਲੇ ਸਾਲ ਆਰਥਿਕ ਪੱਖੋਂ ਡੁੱਬਣ ਵੇਲੇ ਭਾਰਤ ਨੇ ਓੜਕਾਂ ਦੀ ਮਦਦ ਦਿੱਤੀ ਤੇ ਤਬਾਹ ਹੋਣ ਤੋਂ ਬਚਾਇਆ ਸੀ, ਉਸ ਵਿੱਚ ਵੀ ਇਸ ਨਕਸ਼ੇ ਕਾਰਨ ਕਈ ਤਰ੍ਹਾਂ ਦੀ ਚਰਚਾ ਛਿੜ ਗਈ ਸੁਣੀਂਦੀ ਹੈ। ਗਵਾਂਢ ਦੇ ਇਨ੍ਹਾਂ ਸਾਰੇ ਦੇਸ਼ਾਂ ਦੀਆਂ ਸਰਕਾਰਾਂ ਅਤੇ ਲੋਕਾਂ ਨੂੰ ਇਸ ਨਕਸ਼ੇ ਨਾਲ ਇੱਕ ਤਰ੍ਹਾਂ ਦੀ ਚੋਭ ਲੱਗੀ ਮਹਿਸੂਸ ਹੋ ਰਹੀ ਹੈ, ਜਿਸ ਦਾ ਕੋਈ ਜਾਇਜ਼ ਕਾਰਨ ਨਾ ਹੋਣ ਦੇ ਬਾਵਜੂਦ ਭਾਰਤ ਸਰਕਾਰ ਨੇ ਐਵੇਂ ਬੇਸੁਰੀ ਛੇੜ ਜਿਹੀ ਛੇੜ ਲਈ ਹੈ।

'ਅਖੰਡ ਭਾਰਤ' ਦੇ ਇਸ ਨਕਸ਼ੇ ਉੱਤੇ ਮਾਣ ਮਹਿਸੂਸ ਕਰਨ ਵਾਲੇ ਲੋਕ ਕਹਿੰਦੇ ਹਨ ਕਿ ਨਵੀਂ ਪੀੜ੍ਹੀ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਸਾਡੇ ਵੱਡੇ-ਵਡੇਰੇ ਕਿੱਥੋਂ ਤੱਕ ਰਾਜ ਕਰਦੇ ਰਹੇ ਸਨਤੇ ਉਸ ਦੇ ਮਨ ਵਿੱਚ ਸੁਫਨਾ ਹੋਣਾ ਚਾਹੀਦਾ ਹੈ ਕਿ ਏਦਾਂ ਦੇ ਭਾਰਤ ਦੀ ਉਸਾਰੀ ਕਰਨੀ ਹੈ, ਜਿਸ ਨਾਲ ਵਡੇਰਿਆਂ ਦੇ ਪੈਰੋਕਾਰ ਬਣ ਸਕੀਏ। ਇਸ ਤਰ੍ਹਾਂ ਵਡੇਰੇ ਅਤੇ ਜਠੇਰੇ ਪੂਜਣ ਦੀ ਸੋਚ ਵਾਲਿਆਂ ਨੂੰ ਇਹ ਗੱਲ ਪਤਾ ਨਹੀਂ ਕਿ ਭਾਰਤ ਇਕੱਲਾ ਦੇਸ਼ ਨਹੀਂ, ਜਿਸ ਕੋਲ ਏਨੇ ਦੇਸ਼ਾਂ ਉੱਤੇ ਕਿਸੇ ਸਮੇਂ ਰਾਜ ਕੀਤੇ ਹੋਣ ਦੀ ਵਿਰਾਸਤ ਹੈ, ਕਈ ਹੋਰ ਦੇਸ਼ ਇਸ ਤੋਂ ਵੱਡੇ ਤੇ ਬਹੁਤ ਵੱਡੇ ਨਕਸ਼ੇ ਆਪਣੇ ਕਬਾੜਖਾਨੇ ਵਿੱਚ ਸੰਭਾਲੀ ਬੈਠੇ ਹੋ ਸਕਦੇ ਹਨ। ਮਿਸਾਲ ਵਜੋਂ ਦੋ ਸਦੀਆਂ ਦੇ ਕਰੀਬ ਜਿਨ੍ਹਾਂ ਅੰਗਰੇਜ਼ਾਂ ਨੇ ਭਾਰਤ ਉੱਤੇ ਕਬਜ਼ਾ ਕਰੀ ਰੱਖਿਆ ਸੀ, ਉਨ੍ਹਾਂ ਦਾ ਇਤਹਾਸ ਸੋਚ ਲੈਣਾ ਚਾਹੀਦਾ ਹੈ। ਦੂਸਰੀ ਸੰਸਾਰ ਜੰਗ ਲੱਗਣ ਤੋਂ ਪਹਿਲਾਂ ਤੱਕ ਉਨ੍ਹਾਂ ਕੋਲ ਸਾਰੀ ਦੁਨੀਆ ਦੀ ਪੰਝੀ ਫੀਸਦੀ ਆਬਾਦੀ ਤੇ ਤੀਹ ਫੀਸਦੀ ਧਰਤੀ ਹੋਇਆ ਕਰਦੀ ਸੀ, ਅੱਜ ਉਸ ਬ੍ਰਿਟੇਨ ਕੋਲ ਜਿੰਨੀ ਧਰਤੀ ਦੀ ਮਾਲਕੀ ਹੈ, ਉਹ ਸਾਰੇ ਸੰਸਾਰ ਦਾ ਪੌਣਾ ਫੀਸਦੀ ਤੋਂ ਘੱਟ ਬਣਦੀ ਹੈ। ਭਾਰਤ ਦੇ ਸੁਫਨੇ-ਸਾਜ਼ 'ਅਖੰਡ ਭਾਰਤ' ਦੇ ਨਾਂਅ ਉੱਤੇ ਜਦੋਂ ਇਹ ਕਹਿਣਗੇ ਕਿ ਅਗਲੀ ਪੀੜ੍ਹੀ ਦੇ ਮਨਾਂ ਵਿੱਚ ਪੁਰਾਣੇ ਭਾਰਤ ਦਾ ਸੁਫਨਾ ਰੱਖਣ ਦੀ ਇੱਛਾ ਹੈ, ਜਿਸ ਵਿੱਚ ਕਿਸੇ ਸਮੇਂ ਅਫਗਾਨਿਸਤਾਨ ਵੀ ਹੁੰਦਾ ਸੀ ਤਾਂ ਇਹੋ ਸੋਚ ਕਿਸੇ ਹੋਰ ਮਨ ਵਿੱਚ ਵੀ ਉੱਠ ਸਕਦੀ ਹੈ। ਇਸ ਦੁਨੀਆ ਨੇ ਬੜੇ ਸਾਮਰਾਜ ਹੰਢਾਏ ਅਤੇ ਭੁਗਤੇ ਹੋਏ ਹਨ, ਉਹ ਏਦਾਂ ਹੀ ਇਤਹਾਸ ਵਿੱਚ ਦੱਬੇ ਰਹਿਣ ਤਾਂ ਚੰਗਾ ਹੈ।

ਅਜੋਕੇ ਸਮਿਆਂ ਵਿੱਚ ਇਹ ਧਾਰਨਾ ਪ੍ਰਚਾਰੀ ਜਾਂਦੀ ਹੈ ਕਿ ਆਜ਼ਾਦੀ ਮਿਲਣ ਵੇਲੇ ਪਾਕਿਸਤਾਨ ਬਣਾਏ ਜਾਣ ਲਈ ਫਲਾਣਾ ਜ਼ਿੰਮੇਵਾਰ ਸੀ ਤੇ ਫਲਾਣੇ ਦੀ ਗੱਲ ਨਹੀਂ ਮੰਨੀ ਗਈ। ਏਦਾਂ ਦੀਆਂ ਕਹਾਣੀਆਂ ਲਿਖਣ ਵਾਲਿਆਂ ਨੂੰ ਜਦੋਂ ਪਤਾ ਹੈ ਕਿ ਉਨ੍ਹਾਂ ਦੀ ਕਹੀ ਗੱਲ ਸਾਰੇ ਦੇਸ਼ ਦੇ ਕੌਮੀ ਮੀਡੀਏ ਨੇ 'ਅਣਹੋਈ' ਤੋਂ ਸਚਮੁੱਚ 'ਹੋਈ' ਬਣਾ ਕੇ ਪੇਸ਼ ਕਰਨ ਦਾ ਪੂਰਾ ਤਾਣ ਲਾ ਦੇਣਾ ਤੇ ਸੱਚਾਈ ਨੂੰ ਕਬਾੜ ਹੇਠ ਦੱਬਣ ਲਈ ਤਿਆਰ ਰਹਿਣਾ ਹੈ ਤਾਂ ਉਨ੍ਹਾਂ ਨੂੰ ਸ਼ੋਸ਼ੇ ਛੱਡਣ ਤੋਂ ਕੋਈ ਝਿਜਕ ਨਹੀਂ ਹੋ ਸਕਦੀ। ਸੱਚਾਈ ਇਹ ਹੈ ਕਿ ਉਸ ਵੇਲੇ ਮੁਹੰਮਦ ਅਲੀ ਜਿਨਾਹ, ਜਿਹੜਾ ਪੱਕੇ ਮੁਸਲਮਾਨਾਂ ਵਾਂਗਖੁਦ ਬੰਧੇਜ ਵਾਲਾ ਜੀਵਨ ਨਹੀਂ ਸੀ ਗੁਜ਼ਾਰਦਾ, ਆਪਣੇ ਭਾਈਚਾਰੇ ਲਈ ਵੱਖਰਾ ਦੇਸ਼ ਮੰਗਦਾ ਸੀ ਤਾਂ ਹਿੰਦੂਤੱਵ ਦੇ ਧਾਰਨੀਆਂ ਵਿੱਚੋਂ ਵੀ ਕਈ ਆਗੂਆਂ ਦੀ ਇਹੋ ਸੋਚ ਸੀਮੁਸਲਮਾਨ ਇਸ ਦੇਸ਼ ਤੋਂ ਨਿਕਲ ਹੀ ਜਾਣ ਤਾਂ ਚੰਗਾ ਹੈ। ਨਤੀਜੇ ਵਜੋਂ ਪਾਕਿਸਤਾਨ ਬਣ ਗਿਆ ਤਾਂ ਉਸ ਪਾਸਿਉਂ ਕਈ ਵਾਰ ਭਾਰਤ ਦੇ ਕੌਮੀ-ਗੀਤ 'ਜਨ ਗਣ ਮਨ' ਬਾਰੇ ਵਿਰੋਧ ਦੀਆਂ ਸੁਰਾਂ ਨਿਕਲਦੀਆਂ ਰਹੀਆਂ ਹਨ ਕਿ ਸਿੰਧ ਜਦੋਂ ਅਜੋਕੇ ਭਾਰਤ ਕੋਲ ਹੈ ਹੀ ਨਹੀਂ, ਉਹ ਪਾਕਿਸਤਾਨ ਵਿੱਚ ਸ਼ਾਮਲ ਹੋ ਗਿਆ ਹੈ ਤਾਂ ਭਾਰਤ ਦੇ ਕੌਮੀ-ਗੀਤ ਵਿੱਚ ਨਹੀਂ ਹੋਣਾ ਚਾਹੀਦਾ। ਆਜ਼ਾਦੀ ਸੰਗਰਾਮ ਦੇ ਦਿਨਾਂ ਤੋਂ ਜਿਹੜਾ ਗੀਤ ਭਾਰਤੀ ਲੋਕ ਗਾਉਂਦੇ ਆਏ ਹਨ, ਉਹ ਅੱਜ ਵੀ ਗਾਉਂਦੇ ਹਨ ਤੇ ਜਦੋਂ ਸਾਡਾ ਪ੍ਰਧਾਨ ਮੰਤਰੀ ਜਾਂ ਕੋਈ ਹੋਰ ਵੱਡਾ ਆਗੂ ਪਾਕਿਸਤਾਨ ਜਾਂਦਾ ਹੈ ਤਾਂ ਡਿਪਲੋਮੈਟਿਕ ਰਿਵਾਇਤ ਦੇ ਅਨੁਸਾਰ ਓਥੋਂ ਦੀ ਸਰਕਾਰ ਨੂੰ ਭਾਰਤੀ ਆਗੂ ਦੇ ਸਵਾਗਤ ਵਾਸਤੇ ਉਸੇ ਗੀਤ ਵਾਲੀ ਧੁਨ ਵਜਾਉਣੀ ਤੇ ਉਹ ਹੀ ਗੀਤ ਗਾਉਣਾ ਪੈਂਦਾ ਹੈ, ਜਿਹੜਾ ਉਨ੍ਹਾਂ ਨੂੰ ਪਸੰਦ ਨਹੀਂ। ਭਾਰਤ ਨੂੰ ਵੀ ਅੱਜ ਦੇ ਆਚਾਰ-ਵਿਹਾਰ ਦੀ ਰਿਵਾਇਤ ਮੁਤਾਬਕ ਉਹ ਪੁਰਾਣਾ ਨਕਸ਼ਾ ਇਸ ਵਕਤ ਪੇਸ਼ ਨਹੀਂ ਸੀ ਕਰਨਾ ਬਣਦਾ।

ਇੱਕ ਸਵਾਲ ਇਹ ਉੱਠਦਾ ਹੈ ਕਿ ਉਹ ਨਕਸ਼ਾ ਜਿਸ ਪੁਰਾਣੇ ਸਮੇਂ ਦਾ ਹੈ, ਉਸ ਵਕਤ ਭਾਰਤ ਦੀਆਂ ਹੱਦਾਂ ਫੈਲ ਕੇ ਏਡੀ ਦੂਰ ਤੱਕ ਕਿਵੇਂ ਚਲੇ ਗਈਆਂ ਸਨ! 'ਅਖੰਡ ਭਾਰਤ' ਦੇ ਪ੍ਰਚਾਰਕ ਇਹ ਕਹਿੰਦੇ ਹਨ ਕਿ ਭਾਰਤ ਨੇ ਇਹ ਮਾਣ ਸਮਰਾਟ ਅਸ਼ੋਕ ਦੇ ਵਕਤ ਹਾਸਲ ਕੀਤਾ ਸੀ, ਪਰ ਉਹ ਸਿਰਫ ਇਹੋ ਚੇਤਾ ਰੱਖਦੇ ਹਨ ਕਿ ਅਫਗਾਨਿਸਤਾਨ ਤੱਕ ਭਾਰਤ ਦਾ ਰਾਜ ਹੁੰਦਾ ਸੀ, ਇਹ ਚੇਤਾ ਰੱਖਣ ਦੀ ਲੋੜ ਨਹੀਂ ਸਮਝਦੇ ਕਿ ਖੁਦ ਭਾਰਤ ਦੇ ਦੱਖਣ ਵਾਲਾ ਅਜੋਕਾ ਤਾਮਿਲ ਨਾਡੂ ਸਮਰਾਟ ਅਸ਼ੋਕ ਦੇ ਰਾਜ ਵਿੱਚ ਸ਼ਾਮਲ ਨਹੀਂ ਸੀ। ਉਨ੍ਹਾਂ ਵਕਤਾਂ ਵਿੱਚ ਹਰ ਨਵੇਂ ਰਾਜੇ ਦੀ ਆਮਦ ਨਾਲ ਜੰਗਾਂ ਲੱਗਦੀਆਂਤੇ ਹੱਦਾਂ ਫੈਲਦੀਆਂ-ਸੁੰਗੜਦੀਆਂ ਸਨ, ਅੱਜ ਦੇ ਦੌਰ ਵਿੱਚ ਓਦਾਂ ਦੀਆਂ ਜੰਗਾਂ ਨਹੀਂ ਲੜੀਆਂ ਜਾ ਸਕਦੀਆਂ। ਕਹਿਣ ਦੀ ਗੱਲ ਵੱਖਰੀ ਹੈ ਕਿ ਅਸੀਂ ਪਾਕਿਸਤਾਨ ਤੋਂ ਕਸ਼ਮੀਰ ਦਾ ਉਹ ਹਿੱਸਾ ਛੁਡਾ ਲੈਣਾ ਹੈ, ਜਿਹੜਾ ਉਸ ਨੇ ਦੇਸ਼ ਦੀ ਵੰਡ ਵੇਲੇ ਅੰਗਰੇਜ਼ਾਂ ਦੀ ਸਾਜ਼ਿਸ਼ੀ ਹਮਾਇਤ ਸਦਕਾ ਮੱਲ ਲਿਆ ਸੀ। ਇਸ ਦੇ ਉਲਟ ਪਾਕਿਸਤਾਨ ਵਿੱਚ ਇਹ ਗੱਲ ਪ੍ਰਚਾਰੀ ਜਾਂਦੀ ਹੈ ਕਿ ਭਾਰਤ ਤੋਂ ਸਾਰਾ ਕਸ਼ਮੀਰ ਖੋਹ ਲੈਣਾ ਹੈ। ਅਜੋਕੇ ਦੌਰ ਵਿੱਚ ਨਾ ਤਾਂ ਪਾਕਿਸਤਾਨ ਹੀ ਭਾਰਤ ਤੋਂ ਕਸ਼ਮੀਰ ਖੋਹ ਸਕਦਾ ਹੈ ਤੇ ਨਾ ਭਾਰਤ ਨੇ ਕਦੀ ਦੱਬਿਆ ਹੋਇਆ ਕਸ਼ਮੀਰੀ ਇਲਾਕਾ ਪਾਕਿਸਤਾਨ ਤੋਂ ਛੁਡਵਾ ਸਕਣਾ ਹੈ।

ਸਮਰਾਟ ਅਸ਼ੋਕ ਵਾਂਗ ਭਾਰਤ ਦੀਆਂ ਹੱਦਾਂ ਦਾ ਖਿਲਾਰਾ ਵਧਾਉਣ ਦੀ ਗੱਲ ਕਰਨ ਵਾਲਿਆਂ ਨੂੰ ਜੰਗਾਂ ਦੀ ਚਰਚਾ ਕਰਨੀ ਚੰਗੀ ਲੱਗਦੀ ਹੈ, ਪਰ ਜੰਗਾਂ ਦੀ ਭਿਆਨਕਤਾ ਦਾ ਪਤਾ ਨਹੀਂ ਜਾਂ ਸੋਚਣਾ ਨਹੀਂ ਚਾਹੁੰਦੇ। ਜਿਹੜੇ ਸਮਰਾਟ ਅਸ਼ੋਕ ਵੱਲੋਂ ਭਾਰਤ ਦੀਆਂ ਹੱਦਾਂ ਅਫਗਾਨਿਸਤਾਨ ਤੱਕ ਫੈਲਾਉਣ ਦੀਆਂ ਗੱਲਾਂ ਚੱਲਦੀਆਂ ਹਨ, ਉਸ ਨੇ ਉਸ ਵਕਤ ਉਹ ਜੰਗਾਂ ਰਿਵਾਇਤੀ ਹਥਿਆਰਾਂ ਨਾਲ ਲੜੀਆਂ ਸਨ, ਤੋਪਾਂ-ਬੰਦੂਕਾਂ ਅਜੇ ਨਹੀਂ ਸੀ ਬਣੀਆਂ, ਪਰ ਅੱਜ ਦੇ ਯੁੱਗ ਵਿੱਚ ਛੋਟੇ-ਛੋਟੇ ਦੇਸ਼ ਵੀ ਐਟਮੀ ਮਿਜ਼ਾਈਲਾਂ ਚੁੱਕੀ ਫਿਰਦੇ ਹਨ। ਕਾਲਿੰਗਾ ਦੀ ਜੰਗਦਾ ਜ਼ਿਕਰ ਬੜੇ ਮਾਣਅਤੇ ਜੋਸ਼ ਨਾਲ ਕੀਤਾ ਜਾਂਦਾ ਹੈ, ਪਰ ਉਸ ਜੰਗ ਵਿੱਚ ਸੱਤਰ ਹਜ਼ਾਰ ਫੌਜੀ ਸਮਰਾਟ ਅਸ਼ੋਕ ਦੇ ਮਾਰੇ ਗਏ ਸਨ ਅਤੇ ਉਸ ਵਿਰੁੱਧ ਲੜਨ ਵਾਲੀ ਧਿਰ ਦੇ ਵੀ ਇੱਕ ਲੱਖ ਤੋਂ ਵੱਧ ਫੌਜੀ ਮਾਰੇ ਗਏ ਸਨ, ਜਦੋਂ ਸਾਰੇ ਸੰਸਾਰ ਦੀ ਆਬਾਦੀ ਹਾਲੇ ਅੱਧਾ ਕਰੋੜ ਨਹੀਂ ਸੀ ਗਿਣੀ ਜਾਂਦੀ। ਏਡੀ ਖੂਨੀ ਜੰਗ ਲੜ ਕੇ ਮੱਲ ਲਿਆ ਅਫਗਾਨਿਸਤਾਨ ਫਿਰ ਵੀ ਭਾਰਤ ਕੋਲ ਸਦਾਵਾਸਤੇਨਹੀਂ ਸੀ ਰਿਹਾ, ਉਸ ਨੂੰ ਭਾਰਤ ਕੋਲੋਂ ਖੋਹਣ ਤੇ ਅੱਗੇ ਵਧ ਕੇ ਦਿੱਲੀ ਉੱਤੇ ਕਬਜ਼ਾ ਕਰਨ ਵਾਲੇ ਵੀ ਇਤਹਾਸ ਨੇ ਪੇਸ਼ ਕਰ ਦਿੱਤੇ ਸਨ। ਇਸ ਲਈ ਇਹੋ ਜਿਹੇ ਵਹਿਮ ਪਾਲਣ ਅਤੇ ਪ੍ਰਚਾਰਨ ਨਾਲ ਭਾਰਤ ਦਾ ਕੋਈ ਫਾਇਦਾ ਨਹੀਂ ਹੋ ਸਕਣਾ।

ਹਾਂ ਇੱਕ ਗੱਲ ਹੋ ਸਕਦੀ ਹੈ ਤੇ ਉਹ ਰਾਜਪੂਤਾਨੇ ਦੇ ਇਤਹਾਸ ਤੋਂ ਨਿਕਲੀ ਮਿਸਾਲ ਤੋਂ ਮਿਲਦੀ ਹੈ। ਕਿਹਾ ਜਾਂਦਾ ਹੈ ਕਿ ਉਸ ਰਾਜ ਦੇ ਇੱਕ ਖਾਸ ਭਾਈਚਾਰੇ ਦੇ ਲੋਕ ਅੱਜਕੱਲ੍ਹ ਸੋਹਣੇ ਘਰਾਂ ਤੇ ਕੋਠੀਆਂ ਵਿੱਚ ਰਹਿੰਦੇ ਹਨ, ਬਿਸਤਰੇ ਵੀ ਨਵੇਂ ਯੁੱਗ ਮੁਤਾਬਕ ਡਬਲ-ਬੈੱਡ ਵਾਲੇ ਹੁੰਦੇ ਹਨ, ਪਰ ਸਿਰਹਾਣੇ ਹੇਠ ਘਾਹ ਦੀਆਂ ਤਿੜ੍ਹਾਂ ਰੱਖਦੇ ਹਨ। ਦੱਸਦੇਹਨ ਕਿ ਉਹ ਆਪਣੇ ਆਪ ਨੂੰ ਇੱਕ ਖਾਸ ਬਹਾਦਰ ਰਾਜੇ ਦੇ ਵਾਰਸ ਮੰਨਦੇ ਹਨ ਤੇ ਕਹਿੰਦੇ ਹਨ ਕਿ ਉਸ ਨੇ ਕਿਹਾ ਸੀ ਕਿ ਜਦੋਂ ਤੱਕ ਓਦੋਂ ਵਾਲਾ ਰਾਜ ਵਾਪਸ ਨਹੀਂ ਮਿਲਦਾ, ਸਾਡੇ ਲੋਕ ਘਾਹ ਉੱਤੇ ਸੌਣਗੇ। ਉਹ ਸੋਹਣੇ ਘਰ ਬਣਾ ਕੇ ਉਨ੍ਹਾਂ ਦੇ ਵਿੱਚ ਮੌਜੂਦ ਅਜੋਕੇ ਸਮੇਂ ਦੀ ਹਰ ਸਹੂਲਤਮਾਣਦੇ ਹਨ, ਪਰ ਵਡੇਰਿਆਂ ਦਾ ਕਿਹਾ ਮੰਨਣ ਲਈ ਅਜੇ ਵੀ ਸਿਰਹਾਣੇ ਹੇਠ ਘਾਹ ਦੀਆਂ ਤਿੜ੍ਹਾਂ ਰੱਖਦੇ ਹਨ ਅਤੇ ਘਾਹ ਦੀਆਂ ਇਹ ਤਿੜ੍ਹਾਂ ਕੁਝ ਖਾਸ ਦੁਕਾਨਾਂ ਉੱਤੇ ਮਹਿੰਗੇ ਭਾਅ ਮਿਲਦੀਆਂ ਹਨ। ਮੈਨੂੰ ਪੱਕਾ ਪਤਾ ਨਹੀਂ ਕਿ ਉਸ ਭਾਈਚਾਰੇ ਦੇ ਲੋਕ ਸਚਮੁੱਚ ਇਸ ਤਰ੍ਹਾਂ ਕਰਦੇ ਹਨ ਕਿ ਸਿਰਫ ਇੱਕ ਕਹਾਣੀ ਘੜੀ ਗਈ ਹੈ, ਪਰ ਇਸ ਮਿਸਾਲ ਨਾਲ ਇਹ ਗੱਲ ਕਹੀ ਜਾ ਸਕਦੀ ਹੈ ਕਿ 'ਅਖੰਡ ਭਾਰਤ' ਦੇ ਸੁਫਨੇ ਦਾ ਦੌਰ ਅੱਜ ਨਹੀਂ ਰਿਹਾ, ਉਂਜ ਨਕਸ਼ਾ ਸਿਰਹਾਣੇ ਰੱਖ ਕੇ ਹੁਸੀਨ ਸੁਫਨੇ ਲੈਣ ਨੂੰ ਦਿਲ ਕਰਦਾ ਹੋਵੇ ਤਾਂ ਕੋਈ ਵੀ ਲੈ ਸਕਦਾ ਹੈ।

# ਕਬਾਇਲੀ ਸਿੱਖਿਆ ਦਾ ਬਦਲ ਰਿਹਾ ਸੁਭਾਅ

– ਵਿਜੈ ਗਰਗ –

ਕਬਾਇਲੀ ਲੋਕਾਂ ਨੇ ਮੌਸਮ ਨੂੰ ਬਚਾਉਣ ਅਤੇ ਜੰਗਲਾਂ ਨੂੰ ਬਚਾਉਣ ਵਿੱਚ ਵੱਡੀ ਭੂਮਿਕਾ ਨਿਭਾਈ ਹੈ। ਜੇਕਰ ਪੇਸਾ ਕਾਨੂੰਨ ਨੇ ਕਈ ਸਾਲ ਪਹਿਲਾਂ ਗ੍ਰਾਮ ਸਭਾ ਨੂੰ ਸਮਾਜ ਦੇ ਸਰੋਤਾਂ ਦੀ ਰਾਖੀ ਅਤੇ ਸੰਭਾਲ ਦਾ ਅਧਿਕਾਰ ਦਿੱਤਾ ਸੀ, ਤਾਂ ਫਿਰ ਇਨ੍ਹਾਂ ਨਾਗਰਿਕ ਫੈਕਲਟੀ ਨੂੰ ਸਿੱਖਿਆ ਨਾਲ ਜੋੜਨ ਦੀ ਗੱਲ ਕਿਉਂ ਨਹੀਂ ਕੀਤੀ ਗਈ? ਆਜ਼ਾਦੀ ਦੇ ਅੰਮ੍ਰਿਤ ਮਹੋਤਸਵ ਦੇ ਸਾਲ ਵਿੱਚ ਕਬਾਇਲੀ ਖੇਤਰਾਂ ਵਿੱਚ ਇੱਕ ਨੋਸਟਾਲਜਿਕ ਲੋਕ ਤਿਉਹਾਰ ਮਨਾਇਆ ਜਾ ਰਿਹਾ ਹੈ, ਕਿਉਂਕਿ ਹੁਣ ਕਬਾਇਲੀ ਸਕੂਲਾਂ ਦੀ ਧੁਨ ਅਤੇ ਸਥਿਤੀ ਬਦਲਣ ਦੇ ਦਿਨ ਆ ਗਏ ਹਨ। ਬੰਗਲਾਦੇਸ਼, ਪਾਕਿਸਤਾਨ ਅਤੇ ਦੱਖਣੀ ਅਫਰੀਕਾਇਸੇ ਤਰ੍ਹਾਂ, ਮੱਧ ਪ੍ਰਦੇਸ਼ ਸਰਕਾਰ ਨੇ ਵੀ ਰਾਜ ਦੇ ਕਬਾਇਲੀ ਬਹੁ-ਗਿਣਤੀ ਵਾਲੇ ਖੇਤਰਾਂ ਵਿੱਚ 59 ਸਰਕਾਰੀ ਸਕੂਲਾਂ ਨੂੰ ਜਨਤਕ-ਨਿੱਜੀ ਭਾਈਵਾਲੀ (ਪੀਪੀਪੀ) ਮੋਡ ਵਿੱਚ ਚਲਾਉਣ ਲਈ ਨਿੱਜੀ ਹੱਥਾਂ ਵਿੱਚ ਸੌਂਪਣ ਦਾ ਫੈਸਲਾ ਕੀਤਾ ਹੈ। ਇਹ ਫੈਸਲਾ ਕਈ ਪੱਖਾਂ ਤੋਂ ਅਹਿਮ ਹੈ। ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਮੱਧ ਪ੍ਰਦੇਸ਼ ਵਾਂਗ ਜਲਦੀ ਜਾਂ ਦੇਰ ਬਾਅਦ ਆਦਿਵਾਸੀਆਂ ਦੀ ਸਿੱਖਿਆ ਦਾ ਰੂਪ ਦੇਸ਼ ਭਰ ਵਿੱਚ ਪੀਪੀਪੀ ਦੇ ਰੂਪ ਵਿੱਚ ਸਾਹਮਣੇ ਆਵੇਗਾ। ਸਵਾਲ ਇਹ ਹੈ ਕਿ ਕੀ ਇਹ ਫੈਸਲਾ ਭਾਰਤ ਦੀ ਨਵੀਂ ਸਿੱਖਿਆ ਨੀਤੀ ਦਾ ਪ੍ਰਤੀਬਿੰਬ ਹੈ, ਯਾਨੀ ਕਿ ਕੀ ਕੋਈ ਭਵਿੱਖੀ ਕਬਾਇਲੀ ਸਿੱਖਿਆ ਨੀਤੀ ਹੈ? ਜ਼ਿਕਰਯੋਗ ਹੈ ਕਿ ਗੁਜਰਾਤ ਅਤੇ ਉੜੀਸਾ 'ਚ ਪੀ.ਪੀ.ਪੀਫਾਰਮੈਟ ਬਹੁਤ ਪਹਿਲਾਂ ਅਪਣਾਇਆ ਗਿਆ ਹੈ. ਤਾਂ ਫਿਰ ਪੀਪੀਪੀ ਆਧਾਰਿਤ ਕਬਾਇਲੀ ਸਿੱਖਿਆ ਦੇ ਨਵੇਂ ਯੁੱਗ ਦੀ ਸ਼ੁਰੂਆਤ ਕੀ ਹੈ? ਪੀਪੀਪੀ ਫਾਰਮੈਟ ਦਾ ਇਹ ਮਤਲਬ ਨਹੀਂ ਹੈ ਕਿ ਨਿੱਜੀ ਸੰਸਥਾਵਾਂ ਨੂੰ ਸਕੂਲ ਦੀ ਜ਼ਮੀਨ, ਮਕਾਨ ਜਾਂ ਹੋਰ ਸਰੋਤਾਂ ਦੇ ਮਾਲਕੀ ਅਧਿਕਾਰ ਸੌਂਪੇ ਜਾਣ। ਮਸਲਾ ਸਿਰਫ਼ ਪ੍ਰਬੰਧਨ ਦਾ ਨਹੀਂ, ਸੇਵਾਵਾਂ ਦੀ ਕਾਰਗੁਜ਼ਾਰੀ ਦਾ ਵੀ ਹੈ। ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ ਕਿ ਪੀਪੀਪੀ ਫਾਰਮੈਟ ਦੀ ਆੜ ਵਿੱਚ ਸਰਕਾਰ ਦੀਆਂ ਅਸਫਲਤਾਵਾਂ ਪਰਦੇ ਪਿੱਛੇ ਚਲੀਆਂ ਜਾਂਦੀਆਂ ਹਨ। ਓਡੀਸ਼ਾ ਵਿੱਚ ਵੀ ਅਜਿਹਾ ਹੀ ਦੇਖਣ ਨੂੰ ਮਿਲਿਆ ਹੈ। ਅਸਲ ਵਿੱਚ, ਇਹ ਰੂਪ ਇੱਕ ਵਿਚਾਰ ਨਹੀਂ ਹੈ, ਪਰ ਏਇੱਕ ਵਿਚਾਰਧਾਰਾ ਹੈ ਜੋ ਜ਼ੰਮੇਵਾਰੀਆਂ ਨੂੰ ਘਟਾਉਣ ਦੇ ਨਾਲ-ਨਾਲ ਨਿੱਜੀਕਰਨ ਨੂੰ ਇੱਕ ਸਾਧਨ ਵਜੋਂ ਉਤਸ਼ਾਹਿਤ ਕਰਦੀ ਹੈ। ਉਮੀਦ ਕੀਤੀ ਜਾਂਦੀ ਹੈ ਕਿ ਸਕੂਲਾਂ ਦੀ ਗਿਣਤੀ ਵਧਾ ਕੇ ਸਿੱਖਿਆ ਦੇ ਅਧਿਕਾਰ ਦੀ ਸ਼ਤ-ਪ੍ਰਤੀ ਪੂਰਤੀ ਕੀਤੀ ਜਾ ਸਕਦੀ ਹੈ। ਮੱਧ ਪ੍ਰਦੇਸ਼ ਦੇ ਪੇਂਡੂ ਅਤੇ ਜੰਗਲੀ ਖੇਤਰਾਂ ਵਿੱਚ ਸਿੱਖਿਆ ਨੂੰ ਲੈ ਕੇ ਵਿਆਪਕ ਨਿਰਾਸ਼ਾ ਹੈ। ਜ਼ਿਕਰਯੋਗ ਹੈ ਕਿ ਸੂਬੇ ਦੇ ਝਾਬੂਆ ਜ਼ਲਿ 'ਚ ਹਾਲ ਹੀ 'ਚ ਲੜਕੀਆਂ ਦੀ ਪੜ੍ਹਾਈ ਛੱਡ ਕੇ ਕੰਮ ਦੀ ਭਾਲ 'ਚ ਜਾਣ ਦੀਆਂ ਖਬਰਾਂ ਸੁਰਖੀਆਂ 'ਚ ਆਈਆਂ ਸਨ। ਇਸ਼ਤਿਹਾਰਬਾਜ਼ੀ ਦੇ ਦਾਅਵਿਆਂ ਵਿੱਚ, ਕਬੀਲਿਆਂ ਦੇ ਵਿਕਾਸ ਨੂੰ ਦਰਸਾਉਣ ਦੀ ਵਾਰ-ਵਾਰ ਕੋਸ਼ਿਸ਼ਿ ਕੀਤੀ ਜਾਂਦੀ ਹੈਮੱਧ ਪ੍ਰਦੇਸ਼ ਸਰਕਾਰ ਪੂਰੀ ਤਰ੍ਹਾਂ ਇਮਾਨਦਾਰ ਹੈ, ਹਰ ਸਾਲ ਭਲਾਈ ਦੇ ਉਪਾਵਾਂ 'ਤੇ ਵੱਡੀ ਰਕਮ ਖਰਚ ਕੀਤੀ ਜਾਂਦੀ ਹੈ। ਪਰ ਨਤੀਜਿਆਂ ਦੀ ਸਥਿਤੀ ਚੰਗੀ ਤਰ੍ਹਾਂ ਜਾਣੀ ਜਾਂਦੀ ਹੈ. ਸਰਕਾਰ ਦਾ ਸਿਸਟਮ ਕਿਤੇ ਨਾ ਕਿਤੇ ਡਾਵਾਂਡੋਲ ਹੋ ਗਿਆ ਹੈ। ਸਰਕਾਰ ਦਾ ਕਹਿਣਾ ਹੈ ਕਿ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੀ ਤਰੱਕੀ ਨੂੰ ਮਾਪਣ ਲਈ ਸ਼ੁਰੂਆਤੀ ਇਕਰਾਰਨਾਮਾ ਸੱਤ ਸਾਲਾਂ ਲਈ ਹੋਵ-ੇਗਾ। ਇਹ ਸਕੂਲ ਸਰਕਾਰ ਨੂੰ ਮਿਆਰੀ ਅਧਿਆਪਕਾਂ ਦੀ ਘਾਟ ਦੀ ਸਮੱਸਿਆ ਨੂੰ ਹੱਲ ਕਰਨ ਦੇ ਯੋਗ ਬਣਾਉਣਗੇ। ਪਰ ਰਾਜ ਵਿੱਚ ਇੱਕ ਵੱਡੀ ਸਮੱਸਿਆ ਜਿੱਥੇ ਨਵਾਸੀ ਆਦਿਵਾਸੀ ਵਿਕਾਸ ਬਲਾਕਾਂ ਦੇ ਸਕੂਲਾਂ ਵਿੱਚ ਬਹੁਤ ਸਾਰੀਆਂ ਅਸਾਮੀਆਂ ਖਾਲੀ ਹਨ। ਹੁਣ ਨਿੱਜੀਸਾਥੀ ਜਾਂ ਸਹਿਯੋਗੀ ਫੈਕਲਟੀ ਅਤੇ ਸਟਾਫ ਦੀ ਚੋਣ ਕਰੇਗਾ। ਇਹ ਧਿਆਨ ਦੇਣ ਵਾਲੀ ਗੱਲ ਹੈ ਕਿ ਸਰਕਾਰੀ ਅਧਿਆਪਕ ਵੀ ਉੱਥੇ ਕੰਮ ਕਰਨ ਲਈ ਅਪਲਾਈ ਕਰ ਸਕਦੇ ਹਨ। ਪਿੱਛੇ ਹਟਦਿਆਂ, ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਇਹ ਨਿੱਜੀ ਭਾਈਵਾਲਾਂ ਦੀ ਜ਼ੰਮੇਵਾਰੀ ਹੋਵੇਗੀ ਕਿ ਉਹ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਚੋਣ ਨੂੰ ਯਕੀਨੀ ਬਣਾਉਣ ਅਤੇ ਉਨ੍ਹਾਂ ਦੇ ਗਿਆਨ ਪੱਧਰ ਵਿੱਚ ਵਾਧਾ ਕਰੇ। ਪਰ ਸਵਾਲ ਇਹ ਹੈ ਕਿ ਸਕੂਲਾਂ ਵਿੱਚ ਅਸਾਮੀਆਂ ਖਾਲੀ ਹੋਣ ਦੇ ਕਾਰਨ ਕੀ ਹਨ? ਸਰਕਾਰ ਦੇ ਸਿੱਖਿਆ ਵਿਭਾਗ ਨੇ ਹੁਣ ਤੱਕ ਕੀ ਕੀਤਾ ਹੈ? ਪੇਂਡੂ ਖੇਤਰਾਂ ਨਾਲੋਂ ਵਧੇਰੇ ਮੁਸ਼ਕਲ ਖੇਤਰਾਂ ਵਿੱਚ ਸਥਿਤ ਹੈਸਕੂਲਾਂ ਦੀ ਹਾਲਤ ਇੰਨੀ ਮਾੜੀ ਕਿਉਂ ਹੈ? ਸਰਕਾਰ ਦੀ ਜਵਾਬਦੇਹੀ ਕਿਸ ਨੂੰ? ਕੀ ਸਰਕਾਰ ਨੇ ਕਦੇ ਰੂੜ੍ਹੀਵਾਦੀ ਸੋਚ ਤੋਂ ਦੂਰ ਹੋ ਕੇ ਨਵੀਨਤਮ ਤਰੀਕੇ ਅਪਣਾਉਣ ਦੀ ਪਹਿਲ ਕੀਤੀ ਹੈ? ਜਿੰਨੀ ਇਮਾਨਦਾਰੀ ਬੀੜੀ ਦੇ ਪੱਤਿਆਂ ਦੇ ਮਸਲੇ ਨੂੰ ਹੱਲ ਕਰਨ ਵਿੱਚ ਦਿਖਾਈ ਗਈ ਸੀ, ਓਨੀ ਤਤਪਰਤਾ ਉਨ੍ਹਾਂ ਕਬਾਇਲੀ ਸਕੂਲਾਂ ਬਾਰੇ ਕਿਉਂ ਨਹੀਂ ਦਿਖਾਈ ਦਿੱਤੀ? ਅੱਜ ਕਬਾਇਲੀ ਸਕੂਲ ਦਾ ਉਦਾਸ-ਬੇਜਾਨ ਮਾਹੌਲ, ਆਦਿਵਾਸੀਆਂ ਦੀ ਸਿੱਖਿਆ ਦਾ ਮਾਧਿਅਮ ਅਤੇ ਇਸ ਨੂੰ ਸਵੀਕਾਰ ਕਰਨ ਦੀ ਦੁਚਿੱਤੀ, ਉਨ੍ਹਾਂ ਦੀ ਮਾਂ-ਬੋਲੀ ਵਿੱਚ ਸਿੱਖਿਆ ਨਾ ਮਿਲਣ ਦੀ ਸਥਿਤੀ ਕਈ ਸਵਾਲ ਖੜ੍ਹੇ ਕਰਦੀ ਹੈ। ਕਬਾਇਲੀ ਸਕੂਲਾਂ ਦਾ ਸੰਚਾਲਨ ਜਾਂ ਪ੍ਰਬੰਧਨਕਿਸੇ ਨੂੰ ਸੌਂਪਣਾ ਸੀ, ਫਿਰ ਨਮੂਨੇ ਵਜੋਂ ਪੜਾਅਵਾਰ ਤਬਾਦਲਾ ਕਰਨ ਵਿੱਚ ਕੀ ਮੁਸ਼ਕਲ ਸੀ? ਪੇਸਾ ਲਾਗੂ ਕਰਨ ਦਾ ਜਸ਼ਨ ਮਨਾਉਣ ਵਾਲੀ ਸੂਬਾ ਸਰਕਾਰ ਅਜਿਹੇ ਤਬਾਦਲਿਆਂ ਨੂੰ ਗ੍ਰਾਮ ਸਭਾਵਾਂ ਵਿਚ ਸ਼ਾਮਲ ਕਰਨ ਤੋਂ ਕਿਉਂ ਪਰਹੇਜ਼ ਕਰ ਰਹੀ ਹੈ? ਕਬਾਇਲੀ ਭਾਵ ਅਨੁਸੂਚਿਤ ਕਬੀਲੇ ਦੀ ਸਮਝ ਦਾ ਦਾਇਰਾ ਵਿਸ਼ਾਲ ਹੈ। ਕਬਾਇਲੀ ਲੋਕਾਂ ਨੇ ਸੂਬੇ ਦੇ ਜਲਵਾਯੂ ਅਤੇ ਜੰਗਲਾਂ ਦੀ ਰਾਖੀ ਵਿੱਚ ਵੱਡੀ ਭੂਮਿਕਾ ਨਿਭਾਈ ਹੈ। ਜੇਕਰ ਪੇਸਾ ਕਾਨੂੰਨ ਨੇ ਗ੍ਰਾਮ ਸਭਾ ਨੂੰ ਕਈ ਸਾਲ ਪਹਿਲਾਂ ਭਾਈਚਾਰਕ ਸਰੋਤਾਂ ਦੀ ਰੱਖਿਆ ਅਤੇ ਸੰਭਾਲ ਦਾ ਅਧਿਕਾਰ ਦਿੱਤਾ ਹੈ, ਤਾਂ ਸਿੱਖਿਆ ਨੇ ਇਨ੍ਹਾਂ ਨਾਗਰਿਕ ਫੈਕਲਟੀਜ਼ ਨੂੰ ਸ਼ਕਤੀ ਪ੍ਰਦਾਨ ਕੀਤੀ ਹੈ। ਉਨ੍ਹਾਂ ਨੂੰ ਜੋੜਨ ਦੀ ਗੱਲ ਕਿਉਂ ਨਹੀਂ ਕੀਤੀ ਗਈ? ਕੀ ਸਰਕਾਰ ਨੂੰ ਗ੍ਰਾਮ ਸਭਾ 'ਤੇ ਭਰੋਸਾ ਨਹੀਂ ਹੈ? ਫਿਰ ਪੇਸਾ ਕਾਨੂੰਨ ਵਿਚ ਗ੍ਰਾਮ ਸਭਾ ਨੂੰ ਜੰਗਲਾਂ ਦੀ ਰਾਖੀ ਅਤੇ ਸੰਭਾਲ ਦਾ ਅਧਿਕਾਰ ਦੇਣ ਦੀ ਗੱਲ ਕਿਉਂ ਕੀਤੀ ਗਈ? ਜੇਕਰ ਰਾਜ ਸਰਕਾਰ ਨੇ ਗ੍ਰਾਮ ਸਭਾ ਨੂੰ ਕਮਿਊਨਿਟੀ ਫੋਰੈਸਟ ਮੈਨੇਜਮੈਂਟ ਕਮੇਟੀਆਂ ਬਣਾਉਣ ਦੀ ਜ਼ੰਮੇਵਾਰੀ ਦਿੱਤੀ ਹੈ ਤਾਂ ਉਨ੍ਹਾਂ ਲਈ ਸਕੂਲ ਚਲਾਉਣਾ ਕਿਹੜੀ ਵੱਡੀ ਗੱਲ ਹੈ? ਜਦੋਂ ਕਬਾਇਲੀ ਖੇਤਰਾਂ ਵਿੱਚ ਗ੍ਰਾਮ ਸਭਾਵਾਂ ਆਪਣੇ ਸਥਾਨਕ ਵਿਕਾਸ ਲਈ ਖੁਦ ਯੋਜਨਾਵਾਂ ਬਣਾ ਰਹੀਆਂ ਹਨ, ਤਾਂ ਸਕੂਲਾਂ ਦਾ ਪ੍ਰਬੰਧਨ ਕਿਉਂ ਨਹੀਂ ਕੀਤਾ ਜਾ ਸਕਦਾ? ਫਿਰ ਸਿੱਖਿਆ ਨਾਲ ਜੁੜੇ ਇਸ ਫੈਸਲੇ ਦੇ ਆਪਣੇ ਹੀ ਪ੍ਰਭਾਵ ਹੋਣਗੇ। ਇਨਕਾਰ ਕਰ ਸਕਦਾ ਹੈ? ਮੱਧ ਪ੍ਰਦੇਸ਼ ਵਿੱਚ ਆਦਿਵਾਸੀਆਂ ਨੂੰ ਲੈ ਕੇ ਚੰਗਾ ਮਾਹੌਲ ਦੱਸਿਆ ਜਾ ਰਿਹਾ ਹੈ। ਰਾਜ ਭਰ ਵਿੱਚ ਆਦਿਵਾਸੀ ਵਿਦਿਆਰਥੀਆਂ ਲਈ ਆਸ਼ਰਮ, ਹੋਸਟਲ, ਸਕੂਲ, ਲੜਕੀਆਂ ਦੇ ਸਿੱਖਿਆ ਕੰਪਲੈਕਸ ਚਲਾਏ ਜਾ ਰਹੇ ਹਨ। ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਸਿਖਲਾਈ ਲਈ ਕਈ ਤਰ੍ਹਾਂ ਦੀਆਂ ਪ੍ਰੋਤਸਾਹਨ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਸਵੈ-ਰੁਜ਼ਗਾਰ ਲਈ ਹੁਨਰ ਵਿਕਾਸ ਕੇਂਦਰ ਵੀ ਚਲਾਏ ਜਾ ਰਹੇ ਹਨ। ਰਾਜ ਸਰਕਾਰ ਵੱਲੋਂ ਆਦਿਵਾਸੀ ਵਿਦਿਆਰਥੀਆਂ ਨੂੰ ਸਿੱਖਿਆ ਹਾਸਲ ਕਰਨ ਲਈ ਵਜ਼ੀਫ਼ਾ ਵੀ ਦਿੱਤਾ ਜਾਂਦਾ ਹੈ। ਵੱਖ-ਵੱਖ ਜ਼ਿਲ੍ਹਿਆਂ ਵਿੱਚ ਲੜਕੇ ਅਤੇ ਲੜਕੀਆਂ ਲਈ ਖੇਡ ਕੰਪਲੈਕਸਆਰ ਵੀ ਬਣਾਇਆ ਗਿਆ ਹੈ। ਸ਼ਾਹੂਕਾਰਾਂ ਵੱਲੋਂ ਵਸੂਲੇ ਜਾਣ ਵਾਲੇ ਵਿਆਜ ਦਰਾਂ ਨੂੰ ਵੀ ਹੁਣ ਕਾਬੂ ਕਰ ਲਿਆ ਗਿਆ ਹੈ। ਜੇਕਰ ਸਰਕਾਰ ਆਦਿਵਾਸੀਆਂ ਦੇ ਹਿੱਤਾਂ ਲਈ ਇੰਨੀ ਤਿਆਰ ਹੈ ਤਾਂ ਪੀਪੀਪੀ ਫਾਰਮੈਟ ਦੀ ਕੀ ਲੋੜ ਸੀ? ਕੀ ਇਹ ਮੰਨ ਲਿਆ ਜਾਵੇ ਕਿ ਮੱਧ ਪ੍ਰਦੇਸ਼ ਵਿਚ ਵੀ ਦੇਸ਼ ਦੀ ਤਰਜ਼ 'ਤੇ ਕਬਾਇਲੀ ਵਿਕਾਸ ਦੇ ਉਮੀਦ ਅਨੁਸਾਰ ਨਤੀਜੇ ਨਹੀਂ ਮਿਲ ਰਹੇ? ਸੂਬੇ ਵਿੱਚ ਜੋ ਸਕਾਰਾਤਮਕ ਤਬਦੀਲੀਆਂ ਦਾ ਦਾਅਵਾ ਕੀਤਾ ਗਿਆ ਹੈ, ਕੀ ਉਹ ਇਸ ਗੱਲ ਦਾ ਸੰਕੇਤ ਨਹੀਂ ਹਨ ਕਿ ਭਾਵੇਂ ਕਬਾਇਲੀ ਸਮਾਜ ਵਿੱਚ ਗਤੀਸ਼ੀਲਤਾ ਆਈ ਹੈ ਪਰ ਇਸ ਨੇ ਅਜੇ ਤੱਕ ਪ੍ਰਾਪਤੀਆਂ ਦੀ ਕੋਈ ਮਿਸਾਲ ਪੇਸ਼ ਨਹੀਂ ਕੀਤੀ ਹੈ। ਤੁਹਾਡੇ ਸਫਲਜਮਹੂਰੀਅਤ ਵਿੱਚ ਜਦੋਂ ਕਬਾਇਲੀ ਵਰਗ ਗਰੀਬੀ ਰੇਖਾ ਤੋਂ ਹੇਠਾਂ ਹੈ ਤਾਂ ਕਿਉਂ ਨਾ ਸਰਕਾਰ ਦੀਆਂ ਸਾਰੀਆਂ ਪ੍ਰਾਪਤੀਆਂ ਨੂੰ ਅਧੂਰਾ ਅਤੇ ਅੱਧ-ਪੱਕ ਸਮਝਿਆ ਜਾਵੇ। ਸਿੱਖਿਆ ਦਾ ਪੀਪੀਪੀ ਮਾਡਲ ਬੰਗਲਾਦੇਸ਼, ਪਾਕਿਸਤਾਨ ਅਤੇ ਦੱਖਣੀ ਅਫ਼ਰੀਕਾ ਵਿੱਚ ਕਬਾਇਲੀ ਅਤੇ ਸ਼ਹਿਰੀ ਆਬਾਦੀ ਵਿੱਚ ਸਫਲ ਹੋਣ ਦੀ ਰਿਪੋਰਟ ਕੀਤੀ ਗਈ ਹੈ। ਵੈਸਟਰਨ ਕੇਪ ਦੀ ਵੀ ਉਦਾਹਰਨ ਹੈ ਜਿੱਥੇ ਸਕੂਲ ਅਤੇ ਅਕੈਡਮੀਆਂ ਦੋਵੇਂ ਹੀ ਰਾਜ ਦੁਆਰਾ ਫੰਡ ਕੀਤੇ ਜਾਂਦੇ ਹਨ ਪਰ ਨਿੱਜੀ ਖੇਤਰ ਦੁਆਰਾ ਪ੍ਰਬੰਧਿਤ ਹੁੰਦੇ ਹਨ ਅਤੇ ਉਹ ਅਕਸਰ ਪਛੜੇ ਭਾਈਚਾਰਿਆਂ ਦੇ ਵਿਦਿਆਰਥੀਆਂ ਦੀ ਸੇਵਾ ਕਰਦੇ ਹਨ। ਇਹਨਾਂ ਪੀਪੀਪੀ ਸਮਝੌਤਿਆਂ ਦੇ ਤਹਿਤ, ਸਰਕਾਰ ਸਕੂਲ ਲਈ ਸਮੁੱਚੀ ਜ਼ੰਮੇਵਾਰੀ ਬਰਕਰਾਰ ਰੱਖਦੀ ਹੈ।, ਪਰ ਸਕੂਲ ਦੇ ਰੋਜ਼ਾਨਾ ਸੰਚਾਲਨ ਅਤੇ ਪ੍ਰਬੰਧਨ ਨੂੰ ਨਿੱਜੀ ਖੇਤਰ ਦੀਆਂ ਕੰਪਨੀਆਂ, ਦਾਨੀਆਂ ਅਤੇ ਗੈਰ-ਸਰਕਾਰੀ ਸੰਸਥਾਵਾਂ ਸਮੇਤ ਕਈ ਭਾਈਵਾਲਾਂ ਨੂੰ ਸੌਂਪਦਾ ਹੈ। ਉੱਥੇ ਪ੍ਰੋਜੈਕਟ ਦਾ ਉਦੇਸ਼ ਗੈਰ-ਮੁਨਾਫ਼ਾ ਭਾਈਵਾਲੀ ਰਾਹੀਂ ਪਬਲਿਕ ਸਕੂਲ ਪ੍ਰਣਾਲੀ ਵਿੱਚ ਵਾਧੂ ਪ੍ਰਬੰਧਨ ਹੁਨਰ ਅਤੇ ਨਵੀਨਤਾ ਲਿਆਉਣਾ ਹੈ, ਤਾਂ ਜੋ ਬਿਨਾਂ ਫੀਸ ਵਾਲੇ ਸਕੂਲਾਂ ਵਿੱਚ ਪੜ੍ਹਾਉਣ ਅਤੇ ਸਿੱਖਣ ਦੀ ਗੁਣਵੱਤਾ ਵਿੱਚ ਸੁਧਾਰ ਕੀਤਾ ਜਾ ਸਕੇ। ਆਦਿਵਾਸੀ ਲੋਕ ਹਨ ਜੋ ਸਰਕਾਰ ਅਤੇ ਵਿਵਸਥਾ ਵਿੱਚ ਵਿਸ਼ਵਾਸ ਰੱਖਦੇ ਹਨ। ਮੱਧ ਪ੍ਰਦੇਸ਼ ਦੇ ਕਬੀਲਿਆਂ ਦੇ ਵਿਕਾਸ ਲਈ ਜ਼ਰੂਰੀ ਹੈ ਕਿ ਉਨ੍ਹਾਂ ਦੀ ਹਰ ਸਮੱਸਿਆ ਨੂੰ ਰਾਸ਼ਟਰੀ ਪੱਧਰ 'ਤੇ ਉਠਾਇਆ ਜਾਵੇ। ਦਾ ਮੁਲਾਂਕਣ ਇੱਕ ਸਮੱਸਿਆ ਵਜੋਂ ਕੀਤਾ ਜਾਣਾ ਚਾਹੀਦਾ ਹੈ ਅਤੇ ਸਥਾਨਕ ਸਥਿਤੀਆਂ ਨੂੰ ਧਿਆਨ ਵਿੱਚ ਰੱਖ ਕੇ ਨੀਤੀਆਂ ਬਣਾਈਆਂ ਜਾਣੀਆਂ ਚਾਹੀਦੀਆਂ ਹਨ। ਇਹ ਧਿਆਨ ਵਿੱਚ ਰੱਖਣਾ ਹੋਵੇਗਾ ਕਿ ਕੋਈ ਵੀ ਨੀਤੀ ਉਦੋਂ ਤੱਕ ਸਾਰੇ ਕਬੀਲਿਆਂ ਲਈ ਲਾਹੇਵੰਦ ਨਹੀਂ ਹੋ ਸਕਦੀ ਜਦੋਂ ਤੱਕ ਇਸਦਾ ਉਦੇਸ਼ ਸਥਾਨਕ ਸਮੱਸਿਆਵਾਂ ਨੂੰ ਹੱਲ ਕਰਨਾ ਨਾ ਹੋਵੇ। ਪਿੰਡਾਂ ਵਿੱਚ ਸਵੈ-ਸਹਾਇਤਾ ਗਰੁੱਪ ਬਣਾ ਕੇ ਜਾਂ ਪ੍ਰਬੰਧਕੀ ਪਿਛੋਕੜ ਵਾਲੇ ਨੌਜਵਾਨਾਂ ਨੂੰ ਇਨ੍ਹਾਂ ਸਕੂਲਾਂ ਨਾਲ ਜੋੜ ਕੇ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤਕੀਤਾ ਜਾ ਸਕਦਾ ਹੈ। ਸਮੱਸਿਆ ਇਹ ਹੈ ਕਿ ਆਦਿਵਾਸੀਆਂ ਦੇ ਕਲਿਆਣ ਅਤੇ ਉੱਨਤੀ ਦੀ ਜ਼ੰਮੇਵਾਰੀ ਉਨ੍ਹਾਂ ਲੋਕਾਂ ਨੂੰ ਦਿੱਤੀ ਗਈ ਹੈ ਜਿਨ੍ਹਾਂ ਨੇ ਕਦੇ ਵੀ ਆਦਿਵਾਸੀਆਂ ਨਾਲ ਗੱਲਬਾਤ ਕੀਤੀ ਹੈ। ਸਾਲ-ਛੇ ਮਹੀਨੇ ਇਕੱਠੇ ਗੁਜ਼ਾਰੇ। ਸਵਾਲ ਇਹ ਹੈ ਕਿ ਕੀ ਪੀਪੀਪੀ ਫਾਰਮੈਟ ਆਦਿਵਾਸੀ ਭਾਵਨਾਵਾਂ-ਵਿਸ਼ਵਾਸਾਂ ਅਤੇ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਲਾਗੂ ਕੀਤਾ ਜਾ ਰਿਹਾ ਹੈ?


## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1:
reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
**naeem@decongroup.ca**

# ਗੁਰੂ ਕਾਸ਼ੀ ਯੂਨੀਵਰਸਿਟੀ ਪੰਜਾਬ ਦੀ ਪਹਿਲੀ ਪ੍ਰਾਈਵੇਟ ਯੂਨੀਵਰਸਿਟੀ ਜਿਸਨੇ ਪਹਿਲੇ ਚੱਕਰ ਵਿੱਚ ਨੈਕ ਏ++ ਪ੍ਰਾਪਤ ਕੀਤਾ

## ਪੰਜਾਬ ਵਿੱਚ ਤਿੰਨ ਮਾਨਤਾਵਾਂ ਵਾਲੀ ਇੱਕ ਪਾਇਨੀਅਰ ਯੂਨੀਵਰਸਿਟੀ




ਚੰਡੀਗੜ੍ਹ, 11 ਜੂਨ (ਪੋਸਟ ਬਿਊਰੋ) ਗੁਰੂ ਕਾਸ਼ੀ ਯੂਨੀਵਰਸਿਟੀ, ਮੁਲਾਂਕਣ ਅਤੇ ਮਾਨਤਾ ਦੇ ਆਪਣੇ ਪਹਿਲੇ ਚੱਕਰ ਵਿੱਚ 4 ਵਿੱਚੋਂ 3.57 ਦੇ ਸੀ.ਜੀ.ਪੀ.ਏ. ਅਤੇ ਗ੍ਰੇਡ ਏ++ ਦੇ ਨਾਲ ਪੰਜ ਸਾਲਾਂ ਤੱਕ ਦੇ ਸਕੋਰ ਦੀ ਵੈਧਤਾ ਨਾਲ 2028 ਤੱਕ ਮਾਨਤਾ ਪ੍ਰਾਪਤ ਕੀਤੀ ਹੈ।

ਜੀ.ਕੇ.ਯੂ. ਭਾਰਤ ਦੀ ਇੱਕੋ-ਇੱਕ ਪ੍ਰਾਈਵੇਟ ਯੂਨੀਵਰਸਿਟੀ ਹੈ ਜਿਸ ਕੋਲ ਆਈ.ਸੀ.ਏ.ਆਰ, ਪੰਜਾਬ ਰਾਜ ਖੇਤੀਬਾੜੀ ਸਿੱਖਿਆ ਕੌਂਸਲ ਅਤੇ ਨੈਕ ਏ++ ਮਾਨਤਾਵਾਂ ਹਨ।

ਇਹ ਮੁਲਾਂਕਣ ਨੈਕ ਦੇ ਕੰਮਕਾਜ ਅਤੇ ਸੰਗਠਨਾਤਮਕ ਫੋਕਸ ਦੇ ਆਧਾਰ 'ਤੇ ਵੱਖ-ਵੱਖ ਮੁੱਖ ਪਹਿਲੂਆਂ ਦੇ ਤਹਿਤ ਸੱਤ ਮਾਪਦੰਡਾਂ ਦੇ ਸੈੱਟ ਤੇ ਆਧਾਰਿਤ ਹੈ। ਇਹਨਾਂ ਮਾਪਦੰਡਾਂ ਵਿੱਚ ਪਾਠਕ੍ਰਮ ਦੇ ਪਹਿਲੂ, ਅਧਿਆਪਨ-ਸਿਖਲਾਈ ਅਤੇ ਮੁਲਾਂਕਣ, ਖੋਜ, ਨਵੀਨਤਾਵਾਂ ਅਤੇ ਵਿਸਥਾਰ; ਬੁਨਿਆਦੀ ਢਾਂਚਾ ਅਤੇ ਸਿਖਲਾਈ ਸਰੋਤ; ਵਿਦਿਆਰਥੀ ਸਹਾਇਤਾ ਅਤੇ ਤਰੱਕੀ; ਗਵਰਨੈਂਸ, ਲੀਡਰਸ਼ਿਪ ਅਤੇ ਪ੍ਰਬੰਧਨ; ਸੰਸਥਾਗਤ ਮੁੱਲ ਅਤੇ ਵਧੀਆ ਅਭਿਆਸ ਸ਼ਾਮਿਲ ਹਨ।

ਯੂਨੀਵਰਸਿਟੀ ਨੂੰ ਇਹ ਗ੍ਰੇਡ ਮਿਲਣ ਤੋਂ ਬਾਅਦ ਯੂ.ਜੀ.ਸੀ. ਸੂਚੀ ਬੱਧ ਯੂਨੀਵਰਸਿਟੀਆਂ ਦੀ ਪਹਿਲੀ ਸ਼੍ਰੇਣੀ ਵਿੱਚ ਰੱਖਿਆ ਗਿਆ ਹੈ ਅਤੇ ਹੁਣ ਇਹ 12 ਬੀ ਦਰਜੇ ਦੀ ਹੱਕਦਾਰ ਹੈ ਜੋ ਕਿ ਇਹ ਯੂਨੀਵਰਸਿਟੀ ਦੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਯੂਜੀਸੀ ਤੋਂ ਖੋਜ ਗ੍ਰਾਂਟਾਂ ਅਤੇ ਫੈਲੋਸ਼ਿਪਾਂ ਪ੍ਰਾਪਤ ਕਰਨ ਦੇ ਯੋਗ ਬਣਾਉਂਦਾ ਹੈ।

ਸੈਸ਼ਨ 2023-24 ਤੋਂ, ਯੂਨੀਵਰਸਿਟੀ ਤਰਜੀਹੀ ਟੀਚੇ ਵਾਲੇ ਸਮੂਹਾਂ ਦੀਆਂ ਵਿਦਿਅਕ ਲੋੜਾਂ ਨੂੰ ਪੂਰਾ ਕਰਨ ਅਤੇ ਸਕੂਲੀ ਸਿੱਖਿਆ ਅਤੇ ਹੁਨਰ ਵਿਕਾਸ ਵਿਚਕਾਰ ਤਾਲਮੇਲ ਬਣਾਉਣ ਲਈ ਵਰਕ ਇੰਟੀਗ੍ਰੇਟਿਡ ਅਤੇ ਓਪਨ ਅਤੇ ਡਿਸਟੈਂਸ ਲਰਨਿੰਗ ਮੋਡ ਰਾਹੀਂ ਪ੍ਰੋਗਰਾਮ ਸ਼ੁਰੂ ਕਰ ਰਹੀ ਹੈ। ਯੂਨੀਵਰਸਿਟੀ ਨੇ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਅਨੁਸਾਰ ਖੋਜ ਦੇ ਨਵੇਂ ਪ੍ਰੋਗਰਾਮ ਵੀ ਸ਼ੁਰੂ ਕੀਤੇ ਹਨ।

ਪੀਅਰ ਟੀਮ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਯੂਨੀਵਰਸਿਟੀ ਅਤੇ ਦੇਸ਼ ਦੀ ਨੁਮਾਇੰਦਗੀ ਕਰਨ ਵਾਲੇ ਖਿਡਾਰੀਆਂ ਦੇ ਵਿਕਾਸ ਵਿੱਚ ਯੂਨੀਵਰਸਿਟੀ ਦੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ, ਜੋ ਕਿ ਅਤਿ-ਆਧੁਨਿਕ ਖੇਡ ਸਹੂਲਤਾਂ ਪ੍ਰਦਾਨ ਕਰਕੇ, ਖੇਤੀਬਾੜੀ ਅਤੇ ਖੇਡਾਂ 'ਤੇ ਵਿਸ਼ੇਸ਼ ਜ਼ੋਰ ਦੇ ਕੇ ਸਥਾਨਕ ਭਾਈਚਾਰੇ ਦੀਆਂ ਵਿਦਿਅਕ ਅਤੇ ਖੋਜ ਲੋੜਾਂ ਦੀ ਪੂਰਤੀ ਕਰਨ ਅਤੇ ਲਾਗੂ ਕਰਨ ਵਿੱਚ ਯੋਗਦਾਨ ਪਾਉਂਦੀ ਹੈ। ਗੁਰੂ ਕਾਸ਼ੀ ਯੂਨੀਵਰਸਿਟੀ ਸਿੱਖੋ, ਕਮਾਓ ਅਤੇ ਸਮਾਜ ਵਿੱਚ ਵਾਪਸ ਜਾਓ ਦੀ ਨੀਤੀ ਦੇ ਅਨੁਰੂਪ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਦਾਨ ਕਰਨ ਦੀ ਨੀਤੀ ਦੀ ਸ਼ਲਾਘਾ ਕੀਤੀ। ਇਸ ਦੇ ਨਾਲ ਹੀ ਪੀਅਰ ਟੀਮ ਨੇ ਜੀ.ਕੇ.ਯੂ ਕੈਂਪਸ ਵਿੱਚ ਛੱਤ ਦੇ ਉੱਪਰ ਸੋਲਰ ਪੈਨਲਾਂ, ਗੰਦੇ ਪਾਣੀ ਦੀ ਰੀਸਾਈਕਲਿੰਗ ਆਦਿ ਦੁਆਰਾ ਕੁਦਰਤੀ ਸਰੋਤਾਂ ਦੀ ਸਰਵੋਤਮ ਵਰਤੋਂ ਅਤੇ ਇਸ ਦੇ ਵਪਾਰੀ ਕਰਨ ਦੀ ਸੰਭਾਵਨਾ ਅਤੇ ਰੇਸ਼ਮ ਪਾਲਣ, ਮਧੂਮੱਖੀ ਪਾਲਣ ਦੇ ਵਿਸ਼ੇਸ਼ ਸੰਦਰਭ ਵਿੱਚ ਖੇਤੀਬਾੜੀ ਨਾਲ ਸਬੰਧਤ ਖੋਜ ਦੀ ਵੀ ਸ਼ਲਾਘਾ ਕੀਤੀ।

ਅਗਲੇ ਕੁਝ ਸਾਲਾਂ ਵਿੱਚ ਯੂਨੀਵਰਸਿਟੀ ਗਲੋਬਲ ਐਕਸਪੋਜ਼ਰ ਲਈ ਇਸਰੋ ਅਤੇ ਹੋਰ ਕਈ ਅੰਤਰਰਾਸ਼ਟਰੀ ਸੰਸਥਾਵਾਂ ਨਾਲ ਇੱਕ ਐੱਮ. ਓ. ਯੂ. ਸਾਈਨ ਕਰਨ ਜਾ ਰਹੀ ਹੈ।

ਜੀ.ਕੇ.ਯੂ. ਵਿਦੇਸ਼ਾਂ ਵਿੱਚ ਅਧਿਐਨ ਪ੍ਰੋਗਰਾਮਾਂ ਨੂੰ ਉਤਸ਼ਾਹਿਤ ਕਰਨ ਲਈ ਵਿਦੇਸ਼ ਵਿੱਚ ਆਪਣਾ ਕੈਂਪਸ ਖੋਲ੍ਹਣ ਦੀ ਯੋਜਨਾ ਬਣਾ ਰਹੀ ਹੈ।

ਯੂਨੀਵਰਸਿਟੀ ਪੂਰੀ ਇਮਾਨਦਾਰੀ ਦੇ ਨਾਲ ਵਿਵੇਕਸ਼ੀਲ ਵਿੱਤੀ ਪ੍ਰਬੰਧਨ ਪ੍ਰਣਾਲੀ ਦੀ ਪਾਲਣਾ ਕਰਦੀ ਹੈ। ਮਾਨਯੋਗ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਟੀਚਿੰਗ, ਨਾਨ-ਟੀਚਿੰਗ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

# ਸਪੀਕਰ ਸੰਧਵਾਂ ਨੂੰ ਨਰਸਿੰਗ ਕਾਲਜਾਂ ਦੀਆਂ ਮੁਸ਼ਕਲਾਂ ਸਬੰਧੀ ਸੂਬਾਈ ਪ੍ਰਧਾਨ ਨੇ ਸੌਂਪਿਆ ਮੰਗ ਪੱਤਰ



## ਸਪੀਕਰ ਵੱਲੋਂ ਜਲਦ ਮੁੱਖ ਮੰਤਰੀ ਅਤੇ ਸਿਹਤ ਮੰਤਰੀ ਨਾਲ ਗੱਲਬਾਤ ਕਰਕੇ ਸਮੱਸਿਆ ਹੱਲ ਕਰਨ ਦਾ ਭਰੋਸਾ

ਚੰਡੀਗੜ੍ਹ, 11 ਜੂਨ (ਪੋਸਟ ਬਿਊਰੋ): ਪੰਜਾਬ ਭਰ ਦੇ ਨਰਸਿੰਗ ਕਾਲਜਾਂ ਦੀਆਂ ਮੁਸ਼ਕਿਲਾਂ ਤੋਂ ਜਾਣੂ ਕਰਵਾਉਣ ਸਬੰਧੀ ਨਰਸਿੰਗ ਟ੍ਰੇਨਿੰਗ ਇੰਸਟੀਚਿਊਟ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਪਿਛਲੇ ਦਿਨੀਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਮੰਗ ਪੱਤਰ ਸੌਂਪਿਆ।

ਸਪੀਕਰ ਸੰਧਵਾਂ ਨਾਲ ਮੀਟਿੰਗ ਦੌਰਾਨ ਡਾ. ਢਿੱਲੋਂ ਨੇ ਦੱਸਿਆ ਕਿ ਕੋਵਿਡ ਤੋਂ ਬਾਅਦ ਮਹਿਸੂਸ ਹੋਇਆ ਕਿ ਸਿਰਫ਼ ਭਾਰਤ ਦੇਸ਼ ਨੂੰ ਹੀ 40 ਲੱਖ ਤੋਂ ਜ਼ਿਆਦਾ ਨਰਸਾਂ ਦੀ ਜ਼ਰੂਰਤ ਹੈ ਅਤੇ ਵਿਦੇਸ਼ਾਂ 'ਚ ਵੀ ਨਰਸਿੰਗ ਦੀਆਂ ਡਿਗਰੀਆਂ ਪ੍ਰਾਪਤ ਕਰਨ ਵਾਲੇ ਨੌਜਵਾਨਾ ਦੀ ਮੰਗ ਵੱਧ ਰਹੀ ਹੈ, ਇਸ ਲਈ ਨਰਸਿੰਗ ਦੇ ਕਿੱਤੇ ਨੂੰ ਨੌਜਵਾਨ ਅਹਿਮੀਅਤ ਦੇ ਰਹੇ ਹਨ ਅਤੇ ਇਹ ਪੰਜਾਬ ਭਰ ਵਿੱਚ ਉੱਭਰ ਕੇ ਸਾਹ-ਮਣੇ ਆ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਬਾਬਾ ਫ਼ਰੀਦ ਹੈਲਥ ਐਂਡ ਸਾਇੰਸਿਜ਼ ਯੂਨੀਵਰਸਿਟੀ ਫ਼ਰੀਦਕੋਟ ਵੱਲੋਂ ਨਰਸਿੰਗ ਦੀ ਪੜ੍ਹਾਈ ਕਰਨ ਵਾਲੇ ਹਰ ਵਿਦਿਆਰਥੀ ਲਈ ਟੈਸਟ ਜ਼ਰੂਰੀ ਕਰ ਦਿੱਤਾ ਗਿਆ ਹੈ ਜਿਸ ਨਾਲ ਪੰਜਾਬ ਤੋਂ ਇਲਾਵਾ ਗੁਆਂਢੀ ਰਾਜਾਂ ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼, ਹਰਿਆਣਾ, ਰਾਜਸਥਾਨ ਸਮੇਤ ਦਿੱਲੀ, ਯੂ.ਪੀ, ਬਿਹਾਰ, ਮਹਾਂਰਾਸ਼ਟਰ ਅਤੇ ਆਂਧਰਾ ਪ੍ਰਦੇਸ਼ ਦੇ ਵਿਦਿਆਰਥੀ ਪੰਜਾਬ 'ਚ ਆਉਣ ਤੋਂ ਸੰਕੋਚ ਕਰਨਗੇ। ਇਸ ਨਾਲ ਜਿੱਥੇ ਸਰਕਾਰ ਦੀ ਕਰੋੜਾਂ ਰੁਪਏ ਦੀ ਆਮਦਨ ਪ੍ਰਭਾਵਿਤ ਹੋਵੇਗੀ, ਉੱਥੇ ਨਰਸਿੰਗ ਕਾਲਜ ਵੀ ਆਰਥਿਕ ਸੰਕਟ ਦਾ ਸ਼ਿਕਾਰ ਹੋ ਸਕਦੇ ਹਨ।

ਨਰਸਿੰਗ ਕਾਲਜਾਂ ਸਬੰਧੀ ਮੰਗਾਂ ਨੂੰ ਧਿਆਨ ਨਾਲ ਸੁਣਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ਵਾਸ਼ ਦਿਵਾਇਆ ਕਿ ਉਹ ਇਸ ਮੁੱਦੇ ਬਾਰੇ ਛੇਤੀ ਹੀ ਸੂਬੇ ਦੇ ਮੁੱਖ ਮੰਤਰੀ ਅਤੇ ਸਿਹਤ ਮੰਤਰੀ ਨਾਲ ਗੱਲਬਾਤ ਕਰਕੇ ਸਮੱਸਿਆ ਦਾ ਹੱਲ ਕਰਵਾਉਣਗੇ।


NEED A LAWYER ??

KAUR LAW OFFICE

Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1


## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।


ਕੈਨੇਡੀਅਨ ਪੰਜਾਬੀ ਪੋਸਟ

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੇ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


ਸੈਲ ਐਂਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

A-One Drivers TRAINING SCHOOL

G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ

ਫਰੀ ਪਿਕਅਪ
Best Rates For Lessons



ਲੇਡੀ ਇੰਸਟਰਕਟਰ
647-998-7500 ਬਲਵਿੰਦਰ

Visions of Punjab



Natasha Mahal
Co-Host

VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com



Iqbal Mahal
Producer & Host
Serving the South Asian Community Since 1976

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ



ਹਰਜੀਤ ਧਨੋਆ
416.230.4000 • 647.409.1092
www.STARLANEPAINTING.com

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca




# ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਦੇ ਖਿਤਾਬ ’ਤੇ ਭਾਰਤ ਨੇ ਕੀਤਾ ਕਬਜ਼ਾ, ਫਾਈਨਲ ਵਿਚ ਦੱਖਣੀ ਕੋਰੀਆ ਨੂੰ 2-1 ਨਾਲ ਹਰਾਇਆ




ਨਵੀਂ ਦਿੱਲੀ, 11 ਜੂਨ (ਪੋਸਟ ਬਿਊਰੋ): ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਦਾ ਖਿਤਾਬ ਜਿੱਤ ਕੇ ਭਾਰਤ ਦੀ ਜੂਨੀਅਰ ਮਹਿਲਾ ਹਾਕੀ ਟੀਮ ਨੇ ਇਤਿਹਾਸ ਰਚ ਦਿੱਤਾ ਹੈ। ਪਹਿਲੀ ਵਾਰ ਮਹਿਲਾ ਜੂਨੀਅਰ ਹਾਕੀ ਏਸ਼ੀਆ ਕੱਪ ਦਾ ਖਿਤਾਬ ਜਿੱਤਿਆ। ਟੀਮ ਇੰਡੀਆ ਨੇ ਫਾਈਨਲ 'ਚ ਚਾਰ ਵਾਰ ਦੀ ਚੈਂਪੀਅਨ ਦੱਖਣੀ ਕੋਰੀਆ ਨੂੰ 2-1 ਨਾਲ ਹਰਾਇਆ। ਭਾਰਤ ਲਈ ਅਨੂ ਅਤੇ ਨੀਲਮ ਨੇ ਗੋਲ ਕੀਤੇ। ਜਦਕਿ ਕੋਰੀਆ ਲਈ ਇਕਮਾਤਰ ਗੋਲ ਸੀਓ ਯਿਓਨ ਨੇ ਕੀਤਾ। ਇਸ ਮੈਚ ਦੇ ਪਹਿਲੇ ਕੁਆਰਟਰ ਵਿੱਚ ਇੱਕ ਵੀ ਗੋਲ ਨਹੀਂ ਹੋ ਸਕਿਆ ਪਰ ਇਸ ਤੋਂ ਬਾਅਦ ਭਾਰਤ ਨੇ 22ਵੇਂ ਮਿੰਟ ਵਿੱਚ ਲੀਡ ਲੈ ਲਈ। ਭਾਰਤ ਲਈ ਅਨੂ ਨੇ ਪੈਨਲਟੀ ਕਾਰਨਰ ਤੋਂ ਗੋਲ ਕੀਤਾ। ਅਨੂ ਨੇ ਗੋਲਕੀਪਰ ਦੇ ਖੱਬੇ ਪਾਸੇ ਤੋਂ ਗੋਲ ਕਰਕੇ ਭਾਰਤ ਨੂੰ 1-0 ਨਾਲ ਅੱਗੇ ਕਰ ਦਿੱਤਾ। ਹਾਲਾਂਕਿ, ਪਾਰਕ ਸੇਓ ਯੇਓਨ ਦੇ ਗੋਲ ਦੀ ਬਦੌਲਤ ਦੱਖਣੀ ਕੋਰੀਆ ਨੇ ਤਿੰਨ ਮਿੰਟ ਬਾਅਦ 1-1 ਨਾਲ ਅੱਗੇ ਹੋ ਗਿਆ।

ਨੀਲਮ ਨੇ 41ਵੇਂ ਮਿੰਟ ਵਿੱਚ ਦੱਖਣੀ ਕੋਰੀਆਈ ਗੋਲਕੀਪਰ ਦੇ ਸੱਜੇ ਪਾਸੇ ਤੋਂ ਗੋਲ ਕਰਕੇ ਭਾਰਤ ਨੂੰ 2-1 ਨਾਲ ਅੱਗੇ ਕਰ ਦਿੱਤਾ, ਜੋ ਫੈਸਲਾਕੁੰਨ ਸਕੋਰ ਸਾਬਤ ਹੋਇਆ। ਇਸ ਤੋਂ ਬਾਅਦ ਭਾਰਤੀ ਟੀਮ ਨੇ ਆਖਰੀ ਕੁਆਰਟਰ ਵਿੱਚ ਆਪਣੀ ਬੜ੍ਹਤ ਨੂੰ ਬਰਕਰਾਰ ਰੱਖਦਿਆਂ ਜਿੱਤ ਦਰਜ ਕੀਤੀ। ਦੱਖਣੀ ਕੋਰੀਆ ਨੂੰ ਪੈਨਲਟੀ ਕਾਰਨਰ ਦੇ ਰੂਪ 'ਚ ਗੋਲ ਕਰਨ ਦੇ ਕਈ ਮੌਕੇ ਮਿਲੇ ਪਰ ਟੀਮ ਇਸ ਦਾ ਫਾਇਦਾ ਨਹੀਂ ਉਠਾ ਸਕੀ। ਇਸ ਤੋਂ ਪਹਿਲਾਂ ਮਹਿਲਾ ਜੂਨੀਅਰ ਏਸ਼ੀਆ ਕੱਪ ਵਿੱਚ ਭਾਰਤ ਦਾ ਸਰਵੋਤਮ ਪ੍ਰਦਰਸ਼ਨ 2012 ਵਿੱਚ ਸੀ ਜਦੋਂ ਟੀਮ ਬੈਂਕਾਕ ਵਿੱਚ ਪਹਿਲੀ ਵਾਰ ਫਾਈਨਲ ਵਿੱਚ ਪਹੁੰਚੀ ਸੀ ਪਰ ਚੀਨ ਤੋਂ 2-5 ਨਾਲ ਹਾਰ ਗਈ ਸੀ।

ਕੋਰੀਆ ਦਾ ਇਕਲੌਤਾ ਗੋਲ ਸੀਯੂਨ ਪਾਰਕ (25ਵੇਂ ਮਿੰਟ) ਨੇ ਕੀਤਾ। 2012 ਤੋਂ ਬਾਅਦ ਪਹਿਲੀ ਵਾਰ ਫਾਈਨਲ 'ਚ ਪਹੁੰਚੀਆਂ ਭਾਰਤੀ ਖਿਡਾਰਨਾਂ ਨੇ ਪਹਿਲੇ ਹੀ ਮਿੰਟ 'ਚ ਪੈਨਲਟੀ ਕਾਰਨਰ ਹਾਸਲ ਕੀਤਾ ਪਰ ਖਾਤਾ ਖੋਲ੍ਹਣ ਲਈ ਕਾਫੀ ਸਮਾਂ ਇੰਤਜ਼ਾਰ ਕਰਨਾ ਪਿਆ। ਕੋਰੀਆਈ ਟੀਮ ਨੇ ਪਹਿਲੇ ਕੁਆਰਟਰ ਵਿੱਚ ਦੋ ਪੈਨਲਟੀ ਕਾਰਨਰ ਵੀ ਹਾਸਲ ਕੀਤੇ, ਪਰ ਉਹ ਵੀ ਗੇਂਦ ਨੂੰ ਨੈੱਟ 'ਚ ਪਹੁੰਚਾਉਣ 'ਚ ਅਸਫਲ ਰਹੀਆਂ।

ਭਾਰਤ ਨੇ ਮੈਚ ਵਿੱਚ ਹਮਲਾਵਰ ਸ਼ੁਰੂਆਤ ਕੀਤੀ। ਟੀਮ ਨੂੰ ਪਹਿਲੇ ਹੀ ਮਿੰਟ 'ਚ ਪੈਨਲਟੀ ਕਾਰਨਰ ਮਿਲਿਆ ਪਰ ਭਾਰਤੀ ਟੀਮ ਇਸ ਦਾ ਫਾਇਦਾ ਨਹੀਂ ਉਠਾ ਸਕੀ। ਦੱਖਣੀ ਕੋਰੀਆ ਨੇ ਹਾਲਾਂਕਿ ਜਵਾਬੀ ਹਮਲੇ 'ਚ ਫਿਰ ਤੋਂ ਲੈਅ ਹਾਸਲ ਕੀਤੀ ਤੇ ਗੇਂਦ ਨੂੰ ਕਾਫੀ ਦੇਰ ਤੱਕ ਆਪਣੇ ਕਬਜ਼ੇ 'ਚ ਰੱਖਿਆ। ਕੋਰੀਆ ਨੂੰ ਪੈਨਲਟੀ ਕਾਰਨਰ ਵੀ ਮਿਲਿਆ ਪਰ ਨੀਲਮ ਨੇ ਆਖਰੀ ਪਲਾਂ ਵਿੱਚ ਗੇਂਦ ਨੂੰ ਗੋਲ ਵਿੱਚ ਜਾਣ ਤੋਂ ਰੋਕ ਦਿੱਤਾ। ਦੋਵਾਂ ਟੀਮਾਂ ਵੱਲੋਂ ਹਮਲਾਵਰ ਰੁਖ਼ ਅਪਣਾਉਣ ਦੇ ਬਾਵਜੂਦ ਪਹਿਲਾ ਕੁਆਰਟਰ ਗੋਲ ਰਹਿਤ ਰਿਹਾ।

ਦੱਖਣੀ ਕੋਰੀਆ ਨੇ ਦੂਜੀ ਤਿਮਾਹੀ 'ਚ ਵੀ ਹਮਲਾਵਰ ਰੁਖ ਅਪਣਾ ਕੇ ਭਾਰਤ ਨੂੰ ਬੈਕਫੁੱਟ 'ਤੇ ਧੱਕ ਦਿੱਤਾ। ਕੋਰੀਆ ਨੂੰ ਕੁਝ ਪੈਨਲਟੀ ਕਾਰਨਰ ਮਿਲੇ ਪਰ ਟੀਮ ਭਾਰਤ ਦੇ ਮਜ਼ਬੂਤ ਡਿਫੈਂਸ ਨੂੰ ਪਾਰ ਕਰਨ 'ਚ ਨਾਕਾਮ ਰਹੀ। ਇਸ ਤੋਂ ਬਾਅਦ ਅਨੂ ਨੇ ਪੈਨਲਟੀ ਸਟ੍ਰੋਕ ਨੂੰ ਗੋਲ ਵਿਚ ਬਦਲ ਕੇ ਭਾਰਤ ਨੂੰ ਬੜ੍ਹਤ ਦਿਵਾਈ। ਭਾਰਤ ਦੀ ਖੁਸ਼ੀ ਹਾਲਾਂਕਿ ਜ਼ਿਆਦਾ ਦੇਰ ਤੱਕ ਨਹੀਂ ਟਿਕ ਸਕੀ ਕਿਉਂਕਿ ਸਿਓ ਯਿਓਨ ਨੇ ‘ਡੀ’ ਦੇ ਅੰਦਰੋਂ ਇਕ ਸਟੀਕ ਸ਼ਾਟ ਨਾਲ ਕੋਰੀਆ ਦੀ ਬਰਾਬਰੀ ਕਰ ਲਈ। ਅੰਤਰਾਲ ਤੱਕ ਸਕੋਰ 1-1 ਰਿਹਾ। ਦੂਜੇ ਹਾਫ ਵਿੱਚ ਭਾਰਤ ਨੇ ਜਵਾਬੀ ਹਮਲੇ ਦੀ ਰਣਨੀਤੀ ਅਪਣਾਈ ਅਤੇ ਟੀਮ ਨੂੰ ਇਸ ਦਾ ਫਾਇਦਾ ਵੀ ਮਿ-ਲਿਆ ਜਦੋਂ ਨੀਲਮ ਨੇ ਪੈਨਲਟੀ ਕਾਰਨਰ ਤੋਂ ਗੋਲ ਕਰਕੇ ਸਕੋਰ 2-1 ਕਰ ਦਿੱਤਾ। ਇਸ ਤੋਂ ਬਾਅਦ ਭਾਰਤ ਨੇ ਡਿਫੈਂਸ 'ਤੇ ਜ਼ਿਆਦਾ ਧਿਆਨ ਦਿੱਤਾ ਅਤੇ ਬੜ੍ਹਤ ਬਰਕਰਾਰ ਰੱਖਦੇ ਹੋਏ ਜਿੱਤ ਦਰਜ ਕੀਤੀ।

## ਏਸ਼ੀਆ ਕੱਪ ਜਿੱਤਣ ਵਾਲੀ ਭਾਰਤੀ ਮਹਿਲਾ ਜੂਨੀਅਰ ਹਾਕੀ ਟੀਮ ਨੂੰ ਮੁੱਖ ਮੰਤਰੀ ਨੇ ਦਿੱਤੀ ਵਧਾਈ

ਚੰਡੀਗੜ੍ਹ, 11 ਜੂਨ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਨੂੰ ਕੋਰੀਆ ਨੂੰ 2-1 ਨਾਲ ਹਰਾ ਕੇ ਏਸ਼ੀਆ ਕੱਪ ਹਾਕੀ ਜਿੱਤਣ ਵਾਲੀ ਭਾਰਤੀ ਮਹਿਲਾ ਜੂਨੀਅਰ ਹਾਕੀ ਟੀਮ ਨੂੰ ਵਧਾਈ ਦਿੱਤੀ।

ਇਸ ਜਿੱਤ ਲਈ ਟੀਮ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਦੇਸ਼ ਲਈ ਮਾਣ ਅਤੇ ਇਤਿਹਾਸਕ ਪਲ ਹੈ ਕਿਉਂਕਿ ਮਹਿਲਾ ਜੂਨੀਅਰ ਹਾਕੀ ਟੀਮ ਨੇ ਰੋਮਾਂਚਕ ਮੈਚ ਵਿੱਚ ਕੋਰੀਆ ਨੂੰ ਹਰਾ ਕੇ ਏਸ਼ੀਆ ਕੱਪ ਦਾ ਖ਼ਿਤਾਬ ਜਿੱਤਿਆ ਹੈ। ਇਸ ਖ਼ੁਸ਼ੀ ਦੇ ਮੌਕੇ ਉਤੇ ਭਗਵੰਤ ਮਾਨ ਨੇ ਕਿਹਾ ਕਿ ਸਮੁੱਚੀ ਟੀਮ ਦੇ ਇਸ ਮਾਣਮੱਤੇ ਸਨਮਾਨ ਨਾਲ ਹਰ ਦੇਸ਼ ਵਾਸੀ ਦਾ ਸਿਰ ਉੱਚਾ ਹੋਇਆ ਹੈ। ਹਾਕੀ ਦੇ ਸੁਨਹਿਰੇ ਭਵਿੱਖ ਦੀ ਆਸ ਪ੍ਰਗਟਾਉਂਦਿਆਂ ਉਨ੍ਹਾਂ ਉਮੀਦ ਜਤਾਈ ਕਿ ਉਹ ਦਿਨ ਦੂਰ ਨਹੀਂ, ਜਦੋਂ ਸਾਡੀ ਕੌਮੀ ਖੇਡ ਹਾਕੀ ਛੇਤੀ ਹੀ ਗੁਆਚੀ ਹੋਈ ਸ਼ਾਨ ਨੂੰ ਮੁੜ ਹਾਸਲ ਕਰੇਗੀ।

# ਦੀਵਾਲੀ ’ਤੇ ਹੁਣ ਨਿਊਯਾਰਕ ’ਚ ਹੋਵੇਗੀ ਸਰਕਾਰੀ ਛੁੱਟੀ, ਵਿਧਾਨ ਸਭਾ ’ਚ ਬਿਲ ਪਾਸ



ਨਿਊਯਾਰਕ, 11 ਜੂਨ (ਪੋਸਟ ਬਿਊਰੋ): ਨਿਊਯਾਰਕ ਰਾਜ ਵਿਧਾਨ ਸਭਾ ਨੇ ਦੀਵਾਲੀ 'ਤੇ ਸ਼ਹਿਰ ਦੇ ਸਕੂਲਾਂ ਲਈ ਛੁੱਟੀਆਂ ਬਾਰੇ ਕਾਨੂੰਨ ਪਾਸ ਕੀਤਾ ਹੈ। ਸੈਨੇਟ ਅਤੇ ਵਿਧਾਨ ਸਭਾ ਦੋਵਾਂ ਵਿੱਚ ਸੈਸ਼ਨ ਖ਼ਤਮ ਹੋਣ ਤੋਂ ਪਹਿਲਾਂ ਇਸ ਸਬੰਧ ਵਿੱਚ ਵੋਟਿੰਗ ਹੋਈ। ਹੁਣ ਇਸ ਸਬੰਧੀ ਕਾਨੂੰਨ ਬਣਾਉਣ ਲਈ ਬਿੱਲ ਨੂੰ ਗਵਰਨਰ ਕੈਥੀ ਹੋਚੁਲ ਨੂੰ ਭੇਜਿਆ ਗਿਆ ਹੈ, ਜਿੱਥੇ ਉਨ੍ਹਾਂ ਦੇ ਦਸਤਖਤ ਤੋਂ ਬਾਅਦ ਇਹ ਬਿੱਲ ਕਾਨੂੰਨ ਦਾ ਰੂਪ ਲੈ ਲਵੇਗਾ। ਇਸ ਨਾਲ ਨਿਊਯਾਰਕ ਵਿੱਚ ਰਹਿ ਰਹੇ ਭਾਰਤੀਆਂ ਵਿਚ ਖੁਸ਼ੀ ਦੀ ਲਹਿਰ ਹੈ। ਬਿੱਲ ਪੇਸ਼ ਕਰਦੇ ਹੋਏ ਵਿਧਾਨ ਸਭਾ ਮੈਂਬਰ ਜੈਨੀਫਰ ਰਾਜਕੁਮਾਰ ਨੇ ਕਿਹਾ ਕਿ ਦੀਵਾਲੀ ਨੂੰ ਸਕੂਲੀ ਛੁੱਟੀ ਬਣਾ ਕੇ ਦੱਖਣੀ ਏਸ਼ੀਆਈ, ਇੰਡੋ ਕੈਰੇਬੀਅਨ, ਹਿੰਦੂ, ਸਿੱਖ, ਬੋਧੀ ਅਤੇ ਜੈਨ ਭਾਈਚਾਰਿਆਂ ਦੇ ਸੱਭਿਆਚਾਰ ਦਾ ਸਨਮਾਨ ਕਰਨ ਦਾ ਇਹ ਸਹੀ ਸਮਾਂ ਹੈ।

ਉਨ੍ਹਾਂ ਕਿਹਾ ਕਿ ਦੀਵਾਲੀ ਮੌਕੇ ਐਲਾਨੀ ਛੁੱਟੀ ਦਾ ਲਾਭ ਲਗਭਗ 2 ਲੱਖ ਵਿਦਿਆਰਥੀਆਂ ਨੂੰ ਮਿਲੇਗਾ। ਇਸ ਤੋਂ ਪਹਿਲਾਂ ਸਾਲ 2021 ਅਤੇ 2022 ਵਿੱਚ ਇਸ ਕਾਨੂੰਨ ਨੂੰ ਪਾਸ ਕਰਨ ਦੀਆਂ ਦੋ ਕੋਸ਼ਿਸ਼ਾਂ ਅਸਫਲ ਰਹੀਆਂ ਹਨ। ਤੁਹਾਨੂੰ ਦੱਸ ਦੇਈਏ ਕਿ ਫਰਵਰੀ ਮਹੀਨੇ ਵਿੱਚ ਨਿਊਯਾਰਕ ਸਿਟੀ ਕਾਉਂਸਿਲ ਨੇ ਦੀਵਾਲੀ ਦੇ ਮੌਕੇ ਉੱਤੇ ਸਕੂਲ ਵਿੱਚ ਛੁੱਟੀ ਨੂੰ ਲੈ ਕੇ ਇੱਕ ਮਤਾ ਪਾਸ ਕੀਤਾ ਸੀ। ਇਹ ਪ੍ਰਸਤਾਵ ਕੌਂਸਲਵੂਮੈਨ ਲਿੰਡਾ ਦੁਆਰਾ ਪੇਸ਼ ਕੀਤਾ ਗਿਆ ਸੀ।

ਦੀਵਾਲੀ ਬਾਰੇ ਕਾਨੂੰਨ ਤਾਂ ਹੀ ਬਣ ਸਕਦਾ ਹੈ ਜਦੋਂ ਹਰ ਕੋਈ ਇਸ ਨੂੰ ਰਾਜ ਪੱਧਰ 'ਤੇ ਸਵੀਕਾਰ ਕਰਦਾ ਹੈ। ਨਿਊਯਾਰਕ ਦੇ ਮੇਅਰ ਐਰਿਕ ਐਡਮਜ਼ ਨੇ ਇਸ ਕਾਨੂੰਨ ਦਾ ਸਮਰਥਨ ਕੀਤਾ। ਜਦਕਿ ਪਹਿਲਾਂ ਮੇਅਰ, ਸਕੂਲਾਂ ਦੇ ਚਾਂਸਲਰ ਇਸ ਕਾਨੂੰਨ ਦਾ ਵਿਰੋਧ ਕਰਦੇ ਰਹੇ ਹਨ। ਦੱਸ ਦੇਈਏ ਕਿ ਇਸ ਕਾਨੂੰਨ ਦਾ ਲਾਭ ਸਿੱਧਾ ਭਾਰਤੀ ਭਾਈਚਾਰੇ ਨਾਲ ਸਬੰਧਤ ਲੋਕਾਂ ਨੂੰ ਮਿਲੇਗਾ। ਉਨ੍ਹਾਂ ਨੂੰ ਦੀਵਾਲੀ ਮੌਕੇ ਸਰਕਾਰੀ ਛੁੱਟੀ ਦਾ ਲਾਭ ਮਿਲੇਗਾ।

# ਐਮਾਜ਼ਾਨ ਦੇ ਜੰਗਲ ਵਿੱਚ 40 ਦਿਨਾਂ ਤੱਕ ਪੌਦੇ ਖਾ ਕੇ ਬਚੇ ਚਾਰ ਬੱਚੇ

*** ਜਹਾਜ਼ ਹਾਦਸੇ ਵਿਚ ਹੋ ਗਏ ਸਨ ਲਾਪਤਾ**

ਖਾਕਵੇਟਾ, 11 ਜੂਨ (ਪੋਸਟ ਬਿਊਰੋ): ਚਾਲੀ ਦਿਨ ਪਹਿਲਾਂ ਕੋਲੰਬੀਆ ਦੇ ਐਮਾਜ਼ਾਨ ਦੇ ਜੰਗਲਾਂ ਵਿੱਚ ਇੱਕ ਜਹਾਜ਼ ਹਾਦਸਾਗ੍ਰਸਤ ਹੋ ਗਿਆ ਸੀ। ਇਸ ਘਟਨਾ ਤੋਂ ਬਾਅਦ ਖ਼ਬਰ ਆਈ ਕਿ ਜਹਾਜ਼ ਵਿਚ ਸਵਾਰ ਸਾਰੇ ਲੋਕ ਮਾਰੇ ਗਏ ਹਨ। ਹੁਣ ਦੱਸਿਆ ਗਿਆ ਹੈ ਕਿ ਇਸ ਜਹਾਜ਼ ਵਿਚ ਸਵਾਰ ਚਾਰ ਬੱਚੇ ਜ਼ਿੰਦਾ ਮਿਲੇ ਹਨ। ਇਹ ਸਾਰੇ ਭੈਣ-ਭਰਾ ਹਨ। ਦੱਸਿਆ ਜਾ ਰਿਹਾ ਹੈ ਕਿ ਆਪਣੀ ਜਾਨ ਬਚਾਉਣ ਲਈ ਉਸ ਨੇ ਜੰਗਲ ਵਿਚ ਬੀਜ, ਜੜ੍ਹਾਂ ਅਤੇ ਪੌਦੇ ਖਾ ਕੇ ਦਿਨ ਕੱਟੇ।

ਇਨ੍ਹਾਂ ਭੈਣਾਂ-ਭਰਾਵਾਂ ਨੂੰ ਕੋਲੰਬੀਆ ਦੇ ਕਾਕਵੇਟਾ ਅਤੇ ਗੁਆਵੀਏਰ ਪ੍ਰਾਂਤਾਂ ਵਿਚਕਾਰ ਫੌਜ ਅਤੇ ਸੰਗਠਨਾਂ ਦੁਆਰਾ ਇੱਕ ਬਚਾਅ ਮੁਹਿੰਮ ਦੁਆਰਾ ਬਚਾਇਆ ਗਿਆ ਸੀ। ਨੈਸ਼ਨਲ ਆਰਗੇਨਾਈਜ਼ੇਸ਼ਨ ਆਫ਼ ਇੰਡੀਜੇਨਸ ਪੀਪਲਜ਼ ਆਫ਼ ਕੋਲੰਬੀਆ ਦਾ ਕਹਿਣਾ ਹੈ ਕਿ ਬੱਚਿਆਂ ਦਾ ਬਚਣਾ ਇਸ ਗੱਲ ਦਾ ਸੰਕੇਤ ਹੈ ਕਿ ਉਨ੍ਹਾਂ ਨੂੰ ਕੁਦਰਤੀ ਵਾਤਾਵਰਣ ਅਤੇ ਇਸ ਨਾਲ ਉਨ੍ਹਾਂ ਦੇ ਸਬੰਧਾਂ ਬਾਰੇ ਕਿੰਨਾ ਗਿਆਨ ਸੀ, ਜੋ ਮਾਂ ਦੇ ਗਰਭ ਵਿੱਚ ਸ਼ੁਰੂ ਹੁੰਦਾ ਹੈ।



ਰਾਸ਼ਟਰਪਤੀ ਗੁਸਤਾਵੋ ਪੈਟਰੋ ਨੇ ਉਐਨਆਈਸੀ ਅਤੇ ਸੈਨਿਕਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਇਹ ਜੰਗਲ ਲਈ ਸਨਮਾਨ ਨੂੰ ਦਰਸਾਉਂਦਾ ਹੈ। ਸਿਪਾਹੀਆਂ ਨੇ ਤਲਾਸ਼ੀ ਦੌਰਾਨ 20 ਦਿਨਾਂ ਤੱਕ ਦੇਸੀ ਟਰੈਕਰਾਂ ਦੇ ਨਾਲ-ਨਾਲ ਕੰਮ ਕੀਤਾ। ਫੌਜ ਦੇ ਹੈਲੀਕਾਪਟਰਾਂ ਨੇ ਬੱਚਿਆਂ ਦੀ ਦਾਦੀ ਦੀ ਇੱਕ ਰਿਕਾਰਡਿੰਗ ਪ੍ਰਸਾਰਿਤ ਕੀਤੀ, ਜਿਸ ਵਿੱਚ ਉਨ੍ਹਾਂ ਨੂੰ ਸਵਦੇਸ਼ੀ ਹੁਇਟੋਟੋ ਭਾਸ਼ਾ ਵਿੱਚ, ਬਚਾਅਕਰਤਾ ਦੇ ਪਹੁੰਚਣ ਤੱਕ ਰੁਕਣ ਲਈ ਕਿਹਾ ਗਿਆ।

ਜਾਣਕਾਰੀ ਮੁਤਾਬਿਕ 1 ਮਈ ਨੂੰ ਸੇਸਨਾ ਨਾਂ ਦੀ ਕੰਪਨੀ ਦਾ ਸਿੰਗਲ ਇੰਜਣ ਵਾਲਾ ਪ੍ਰੋਪੈਲਰ ਜਹਾਜ਼ ਕਰੈਸ਼ ਹੋ ਗਿਆ ਸੀ। ਇਹ ਜਹਾਜ਼ ਸੱਤ ਲੋਕਾਂ ਨੂੰ ਲੈ ਕੇ ਐਮਾਜ਼ਾਨ ਸੂਬੇ ਦੇ ਸੈਨ ਜੋਸ ਡੇਲ ਅਮੇਜ਼ਨ ਸ਼ਹਿਰ ਜਾ ਰਿਹਾ ਸੀ। ਇੰਜਣ ਫੇਲ ਹੋਣ ਕਾਰਨ ਜਹਾਜ਼ ਰਡਾਰ ਤੋਂ ਬਾਹਰ ਹੋ ਗਿਆ ਸੀ। ਜਿਸ ਤੋਂ ਬਾਅਦ ਇਹ ਹਾਦਸਾ ਵਾਪਰਿਆ। ਇਸ ਤੋਂ ਬਾਅਦ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ ਪਰ ਸਿਰਫ਼ ਤਿੰਨ ਲੋਕਾਂ ਦੀਆਂ ਲਾਸ਼ਾਂ ਮਿਲੀਆਂ। ਜਦਕਿ ਚਾਰ ਬੱਚੇ ਲਾਪਤਾ ਹੋ ਗਏ ਸਨ। ਪਰ ਅਧਿਕਾਰੀਆਂ ਨੇ ਉਨ੍ਹਾਂ ਦੀ ਤਲਾਸ਼ੀ ਮੁਹਿੰਮ ਬੰਦ ਨਹੀਂ ਕੀਤੀ ਸੀ। ਅਧਿਕਾਰੀਆਂ ਨੂੰ ਸ਼ੱਕ ਸੀ ਕਿ ਬੱਚੇ ਬਚ ਗਏ ਹਨ।

# ਤਾਮਿਲਨਾਡੂ ’ਚ ਜਵਾਨ ਦੀ ਪਤਨੀ ਨਾਲ ਕੁੱਟਮਾਰ, ਪਰਿਵਾਰ ਨੂੰ ਜਾਨੋਂ ਮਾਰਨ ਦੀ ਦਿੱਤੀ ਧਮਕੀ

ਤਾਮਿਲਨਾਡੂ, 11 ਜੂਨ (ਪੋਸਟ ਬਿਊਰੋ): ਤਾਮਿਲਨਾਡੂ ਤੋਂ ਇੱਕ ਵੀਡੀਉ ਸਾਹਮਣੇ ਆਈ ਹੈ। ਵੀਡੀਉ 'ਚ ਕੁਝ ਲੋਕ ਔਰਤ ਨਾਲ ਕੁੱਟਮਾਰ ਕਰਦੇ ਨਜ਼ਰ ਆ ਰਹੇ ਹਨ। ਕੁੱਟਮਾਰ ਦੀ ਸ਼ਿਕਾਰ ਔਰਤ ਕਹਿੰਦੀ ਹੈ ਕਿ 40 ਲੋਕਾਂ ਨੇ ਹਮਲਾ ਕੀਤਾ, ਮੈਨੂੰ ਜਾਨ ਦਾ ਖ਼ਤਰਾ ਹੈ। ਮਾਮਲੇ 'ਚ ਪੁਲਸ ਨੇ ਦੱਸਿਆ ਕਿ ਅਜਿਹਾ ਕੁਝ ਨਹੀਂ ਹੈ। ਔਰਤ 'ਤੇ ਕੋਈ ਹਮਲਾ ਨਹੀਂ ਹੋਇਆ ਹੈ।

ਔਰਤ ਦਾ ਦਾਅਵਾ ਹੈ ਕਿ ਉਸ ਦਾ ਪਤੀ ਫ਼ੌਜ ਵਿੱਚ ਸਿਪਾਹੀ ਹੈ। 40 ਲੋਕਾਂ ਨੇ ਮੇਰੇ 'ਤੇ ਹਮਲਾ ਕੀਤਾ ਹੈ। ਮੈਨੂੰ ਅਪਸ਼ਬਦ ਕਹੇ। ਉਸਨੇ ਗਲਤ ਇਰਾਦੇ ਨਾਲ ਮੈਨੂੰ ਛੂਹਿਆ। ਉਹ ਮੈਨੂੰ ਅਤੇ ਮੇਰੇ ਪਰਿਵਾਰ ਨੂੰ ਨਹੀਂ ਰਹਿਣ ਦੇਣਗੇ। ਉਹ ਲੋਕ ਮੈਨੂੰ ਧਮਕੀਆਂ ਦੇ ਰਹੇ ਹਨ। ਮਾਮਲੇ ਵਿੱਚ ਐਸਪੀ ਕਾਰਤੀਕੇਯਨ ਨੇ ਕਿਹਾ ਕਿ ਵਿਵਾਦ ਮੰਦਰ ਦੀ ਜ਼ਮੀਨ ਨੂੰ ਲੈ ਕੇ ਹੋਇਆ ਸੀ। ਔਰਤ ਦਾ ਨਾਂ ਕੀਰਤੀ ਹੈ, ਉਸ 'ਤੇ ਕੋਈ ਹਮਲਾ ਨਹੀਂ ਹੋਇਆ ਹੈ। ਘਟਨਾ ਵੇਲੇ ਕੀਰਤੀ ਆਪਣੀ ਮਾਂ ਨਾਲ ਉੱਥੇ ਸੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਕੇਸ ਦਰਜ ਕਰ ਲਿਆ ਹੈ।

ਭਾਰਤੀ ਫੌਜ ਨੇ ਵੀ ਇਸ ਮਾਮਲੇ 'ਚ ਬਿਆਨ ਜਾਰੀ ਕੀਤਾ ਹੈ। ਫੌਜ ਨੇ ਦੱਸਿਆ ਕਿ ਜਵਾਨ ਪ੍ਰਭਾਕਰਨ ਤਾਮਿਲਨਾਡੂ ਦਾ ਰਹਿਣ ਵਾਲਾ ਹੈ। ਉਸਦਾ ਪਰਿਵਾਰ ਖਤਰੇ ਵਿੱਚ ਹੈ। ਭਾਰਤੀ ਫੌਜ ਆਪਣੇ ਜਵਾਨਾਂ ਨਾਲ ਖੜ੍ਹੀ ਹੈ। ਪਰਿਵਾਰ ਦੀ ਸੁਰੱਖਿਆ ਲਈ ਅਸੀਂ ਪੁਲਿਸ ਨਾਲ ਗੱਲ ਕੀਤੀ ਅਤੇ ਪੁਲਿਸ ਨੇ ਜਵਾਨ ਦੇ ਪਰਿਵਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਹੈ। ਇਸ ਸਬੰਧੀ ਮਾਮਲਾ ਦਰਜ ਕਰ ਲਿਆ ਗਿਆ ਹੈ। ਇੱਕ ਮੁਲਜ਼ਮਾਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਕੀਤੀ ਜਾ ਰਹੀ ਹੈ।

# ਮੰਦਰ ਵੱਲ ਜਾ ਰਹੇ ਸ਼ਰਧਾਲੂਆਂ 'ਤੇ ਪੁਲਸ ਦਾ ਲਾਠੀਚਾਰਜ, ਸ੍ਰੀ ਖੇਤਰ ਮੰਦਰ ਵਿਚ ਜਾਣ ਤੋਂ ਸ਼ੁਰੂ ਹੋਇਆ ਵਿਵਾਦ



ਮੁੰਬਈ, 11 ਜੂਨ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਪੁਣੇ ਜ਼ਿਲੇ ਦੇ ਪੰਢਰਪੁਰ 'ਚ ਐਤਵਾਰ ਨੂੰ ਇਕ ਮੰਦਰ ਵੱਲ ਜਾ ਰਹੇ ਵਾਰਕਰੀ ਸ਼ਰਧਾਲੂਆਂ 'ਤੇ ਪੁਲਸ ਨੇ ਲਾਠੀਚਾਰਜ ਕੀਤਾ। ਲਾਠੀਚਾਰਜ ਦੀ ਘਟਨਾ ਨੂੰ ਲੈ ਕੇ ਵਿਰੋਧੀ ਪਾਰਟੀਆਂ ਨੇ ਸਰਕਾਰ 'ਤੇ ਹਮਲਾ ਬੋਲਿਆ ਹੈ। ਜਾਣਕਾਰੀ ਮੁਤਾਬਕ ਭਗਵਾਨ ਸ੍ਰੀ ਕ੍ਰਿਸ਼ਨ ਦੇ ਰੂਪ ਵਿਠੋਬਾ ਦੇ ਸ਼ਰਧਾਲੂਆਂ ਵੱਲੋਂ ਕੱਢੇ ਗਏ ਜਲੂਸ ਦੌਰਾਨ ਸ਼ਰਧਾਲੂਆਂ ਦੀ ਪੁਲਸ ਨਾਲ ਤਕਰਾਰ ਹੋ ਗਈ, ਜਿਸ ਤੋਂ ਬਾਅਦ ਪੁਲਸ ਵੱਲੋਂ ਲਾਠੀਚਾਰਜ ਕੀਤਾ ਗਿਆ। ਵਿਵਾਦ ਅਲਾਂਦੀ ਦੇ ਸ੍ਰੀ ਖੇਤਰ ਮੰਦਿਰ ਵਿੱਚ ਪ੍ਰਵੇਸ਼ ਨੂੰ ਲੈ ਕੇ ਸ਼ੁਰੂ ਹੋਇਆ।

ਇਸ ਘਟਨਾ ਬਾਰੇ ਪੁਲਿਸ ਸੂਤਰਾਂ ਨੇ ਦੱਸਿਆ ਕਿ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਕਾਬੂ ਕਰਨ ਲਈ ਉਨ੍ਹਾਂ ਉਤੇ ਹਲਕਾ ਲਾਠੀਚਾਰਜ ਕਰਨਾ ਪਿਆ। ਪੁਲਸ ਨੇ ਦੱਸਿਆ ਕਿ ਪਰੰਪਰਾ ਅਨੁਸਾਰ ਸਿਰਫ਼ 75 ਮੈਂਬਰਾਂ ਨੂੰ ਹੀ ਇਮਾਰਤ ਵਿੱਚ ਦਾਖ਼ਲ ਹੋਣ ਦੀ ਇਜਾਜ਼ਤ ਦਿੱਤੀ ਜਾਂਦੀ ਹੈ, ਪਰ 400 ਦੇ ਕਰੀਬ ਜਿਨ੍ਹਾਂ ਲੋਕਾਂ ਨੇ ਜ਼ਬਰਦਸਤੀ ਮੰਦਰ ਵਿੱਚ ਦਾਖ਼ਲ ਹੋਣ ਦੀ ਕੋਸ਼ਿਸ਼ ਕੀਤੀ, ਉਨ੍ਹਾਂ ਨੂੰ ਪ੍ਰਸ਼ਾਸਨ ਨੇ ਰੋਕ ਦਿੱਤਾ। ਪੁਲਿਸ ਦੀ ਕਾਰਵਾਈ ਨੂੰ ਲੈ ਕੇ ਵਿਰੋਧੀ ਪਾਰਟੀਆਂ ਨੇ ਸਰਕਾਰ 'ਤੇ ਹਮਲਾ ਬੋਲਿਆ ਹੈ।

# ਸੁਖਬੀਰ ਸਿੰਘ ਬਾਦਲ ਨੇ ਆਪ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ ’ਤੇ ਵੈਟ ਵਧਾ ਕੇ ਆਮ ਲੋਕਾਂ ਅਤੇ ਕਿਸਾਨਾਂ ’ਤੇ ਵਾਧੂ ਬੋਝ ਪਾਉਣ ਦੀ ਕੀਤੀ ਨਿਖੇਧੀ



ਚੰਡੀਗੜ੍ਹ, 11 ਜੂਨ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇਅੱਜ ਆਮ ਆਦਮੀ ਪਾਰਟੀ ਵੱਲੋਂ ਪੈਟਰੋਲ ਅਤੇ ਡੀਜ਼ਲ ’ਤੇ ਵਾਰ ਵਾਰ ਵੈਟ ਵਧਾ ਕੇ ਆਮ ਆਦਮੀ ਅਤੇ ਕਿਸਾਨਾਂ ’ਤੇ ਵਾਧੂ ਬੋਝ ਪਾਉਣ ਦੀ ਜ਼ੋਰਦਾਰ ਨਿਖੇਧੀ ਕੀਤੀ ਅਤੇ ਕਿਹਾਕਿ ਤਾਜ਼ਾ ਵਾਧੇ ਮਗਰੋਂ ਪੰਜਾਬ ਵਿਚ ਪੈਟਰੋਲ ਤੇ ਡੀਜ਼ਲ ਹੋਰਨਾਂ ਰਾਜਾਂ ਨਾਲੋਂ ਮਹਿੰਗਾ ਹੋ ਗਿਆ ਹੈ।

ਇਸ ਧੱਕੇਸ਼ਾਹੀ ਵਾਲੇ ਵਾਧੇ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਬਜਾਏ ਆਮ ਲੋਕਾਂ ਸਿਰ ਮੁਸੀਬਤਾਂ ਪਾਉਣ ਦੇ ਸਰਕਾਰ ਨੂੰ ਇਸ਼ਤਿਹਾਰਾਂ ’ਤੇ ਸੈਂਕੜੇ ਕਰੋੜਾਂ ਰੁਪਏ ਖਰਚਣ ’ਤੇ ਰੋਕ ਲਗਾ ਕੇ ਪੈਸੇ ਬਚਾਉਣੇ ਚਾਹੀਦੇ ਹਨ। ਉਹਨਾਂ ਕਿਹਾ ਕਿ ਜੇਕਰ ਆਪ ਸਰਕਾਰ ਇਸ਼ਤਿਹਾਬਾਜ਼ੀ ਅਤੇ ਪਬਲੀਸਿਟੀ ਸਟੰਟ ਕਰਨੇ ਬੰਦ ਕਰ ਦੇਵੇ ਤਾਂ ਇਸਨੂੰ ਵਾਧੂ ਸਰੋਤ ਜੁਟਾਉਣ ਦੀ ਲੋੜ ਨਹੀਂ ਰਹੇਗੀ।

ਸੁਖਬੀਰ ਸਿੰਘ ਬਾਦਲ, ਅੱਜ ਤਰਨਤਾਰਨ ਸੀਨੀਅਰ ਆਗੂ ਹਰਮੀਤ ਸਿੰਘ ਸੰਧੂ ਦੇ ਪਿਤਾ ਸਰਦਾਰ ਸੁਰਜੀਤ ਸਿੰਘ ਸੰਧੂ ਨਤਿਮ ਭੋਗ ਵਿਚ ਸ਼ਾਮਲ ਹੋਣ ਆਏ ਸਨ, ਨੇ ਕਿਹਾ ਕਿ ਇਕ ਪਾਸੇ ਤਾਂ ਸਰਕਾਰ ਦਾਅਵੇ ਕਰ ਰਹੀ ਹੈ ਕਿ ਉਹ 300 ਯੂਨਿਟ ਬਿਜਲੀ ਮੁਫਤ ਦੇ ਰਹੀ ਹੈ ਤੇ ਦੂਜੇ ਪਾਸੇ ਉਸਨੇ ਬੁਢਾਪਾ ਪੈਨਸ਼ਨ, ਆਟਾ ਦਾਲ ਸਕੀਮ, ਸ਼ਗਨ ਸਕੀਮ ਤੇ ਐਸ ਸੀ ਸਕਾਲਰ-ਸ਼ਿਪ ਸਕੀਮ ਸਮੇਤ ਸਮਾਜ ਭਲਾਈ ਸਕੀਮਾਂ ਵਿਚ ਵੱਡੀ ਕਟੌਤੀ ਕਰ ਦਿੱਤੀ ਹੈ। ਉਹਨਾਂ ਕਿਹਾ ਕਿ ਸਰਕਾਰ ਨੇ ਲੜਕੀਆਂ ਲਈ ਮੁਫਤ ਸਾਈਕਲ ਸਕੀਮ, ਤੀਰਥ ਯਾਤਰਾ ਸਕੀਮ, ਮੁਫਤ ਭਾਂਡੇ ਦੇਣ ਦੀ ਸਕੀਮ, ਜਿੰਮ ਅਤੇ ਸੁਵਿਧਾ ਕੇਂਦਰ ਤੇ ਸੇਵਾ ਕੇਂਦਰ ਵੀ ਬੰਦ ਕਰ ਦਿੱਤੇ ਹਨ। ਉਹਨਾਂ ਕਿਹਾ ਕਿ ਹੁਣ ਇਸਨੇ ਪੈਟਰੋਲ ਅਤੇ ਡੀਜ਼ਲ ’ਤੇ ਵੈਟ ਵਧਾ ਦਿੱਤਾ ਹੈ। ਉਹਨਾਂ ਕਿਹਾ ਕਿ ਇਸ ਤੋਂ ਸਰਕਾਰ ਦਾ ਦੋਗਲਾ ਚੇਹਰਾ ਨੰਗਾ ਹੋ ਗਿਆ ਹੈ ਜੋ ਲੋਕਾਂ ਨੂੰ ਲਾਭ ਦੇਣ ਨਾਲੋਂ ਵੱਧ ਟੈਕਸ ਲਗਾ ਕੇ ਮਾਰ ਰਹੀ ਹੈ। ਉਹਨਾਂ ਕਿਹਾ ਕਿ ਇਹ ਤਾਂ ਇਕ ਹੱਥ ਲੈ ਕੇ ਦੂਜੇ ਹੱਥ ਨਾਲ ਖੋਹਣ ਵਾਲੀ ਗੱਲ ਹੈ।

ਸੁਖਬੀਰ ਸਿੰਘ ਬਾਦਲ ਨੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਇੰਸਟੀਚਿਊਟ ਮੁਹਾਲੀ ਦੇ 10 ਵਿਦਿਆਰਥੀਆਂ ਨੂੰ ਵਧਾਈਦਿੱਤੀ ਜੋ ਕੱਲ੍ਹ ਹਥਿਆਰਬੰਦ ਭਾਰਤੀ ਫੌਜ ਵਿਚ ਅਫਸਰ ਬਣੇ ਹਨ। ਉਹਨਾਂ ਕਿਹਾ ਕਿ ਉਹਨਾਂ ਨੂੰ ਮਾਣ ਹੈ ਕਿ ਇਹ ਅਕੈਡਮੀ ਜੋ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਖੋਲ੍ਹੀਸੀ, ਪੰਜਾਬ ਅਤੇ ਪੰਜਾਬੀਆਂ ਦਾ ਮਾਣ ਵਧਾ ਰਹੀ ਹੈ। ਉਹਨਾਂ ਕਿਹਾ ਕਿ ਹੁਣ ਤੱਕ ਸੰਸਥਾ ਦੇ 136 ਵਿਦਿਆਰਥੀ ਫੌਜ ਵਿਚ ਅਫਸਰ ਬਣ ਚੁੱਕੇਹਨ। ਬਾਦਲ ਨੇ ਇਸ ਮੌਕੇ ਮਹਾਰਾਜਾ ਰਣਜੀਤ ਸਿੰਘ ਪਰੈਪਰੇਟਰੀ ਇੰਸਟੀਚਿਊਟ ਨੂੰ ਵੀ ਵਧਾਈ ਦਿੱਤੀ।

# ਪੰਜਾਬ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਸੂਬੇ ਵਿਚ ਲੱਗਣਗੇ ਵਿਰਾਸਤੀ ਮੇਲੇ : ਅਨਮੋਲ ਗਗਨ ਮਾਨ

**ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਸੂਬਾ ਸਰਕਾਰ ਵਲੋਂ ਸੈਰ ਸਪਾਟਾ ਖੇਤਰ 'ਚ ਨਵੀਂ ਪਹਿਲਕਦਮੀਆਂ ਦੀ ਸ਼ੁਰੂਆਤ**

ਚੰਡੀਗੜ੍ਹ, 11 ਜੂਨ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਬਾਰੇ ਦੇਸ਼-ਦੁਨੀਆਂ ਨੂੰ ਜਾਣੂੰ ਕਰਵਾਉਣ, ਸੂਬੇ ਵਿਚ ਸੈਰ ਸਪਾਟਾ ਖੇਤਰ ਨੂੰ ਹੋਰ ਪ੍ਰਫੁੱਲਤ ਕਰਨ ਅਤੇ ਪੰਜਾਬ ਨੂੰ 'ਰੰਗਲਾ ਪੰਜਾਬ' ਬਨਾਉਣ ਲਈ ਲਗਾਤਾਰ ਯਤਨਸ਼ੀਲ ਹੈ। ਇਸ ਉਦੇਸ਼ ਦੀ ਪ੍ਰਾਪਤੀ ਲਈ ਹੁਣ ਪੰਜਾਬ ਸਰਕਾਰ ਇੱਥੋਂ ਦੀ ਅਮੀਰ ਵਿਰਾਸਤ ਅਤੇ ਸਭਿਆਚਾਰਕ ਮਹੱਤਤਾ ਨੂੰ ਉਜਾਗਰ ਕਰਨ ਲਈ ਵਿਰਾਸਤੀ ਮੇਲਿਆਂ ਦਾ ਧੂਮ ਧਾਮ ਨਾਲ ਆਯੋਜਨ ਕਰੇਗੀ। ਇਹ ਜਾਣਕਾਰੀ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ ਮੰਤਰੀ ਅਨਮੋਲ ਗਗਨ ਮਾਨ ਨੇ ਐਤਵਾਰ ਨੂੰ ਚੰਡੀਗੜ੍ਹ ਵਿਖੇ ਪ੍ਰੈਸ ਵਾਰਤਾ ਦੌਰਾਨ ਸਾਂਝੀ ਕੀਤੀ।



ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਲੇਬਰ, ਪ੍ਰਾਹੁਣਚਾਰੀ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ ਕਿ ਪੰਜਾਬ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਤੋਂ ਦੁਨੀਆ ਨੂੰ ਜਾਣੂ ਕਰਵਾਉਣ, ਸੂਬੇ ਵਿੱਚ ਸੈਰ ਸਪਾਟਾ ਖੇਤਰ ਨੂੰ ਹੋਰ ਪ੍ਰਫੁੱਲਤ ਕਰਨ ਅਤੇ ਸੈਲਾਨੀਆਂ ਨੂੰ ਪੰਜਾਬ ਵੱਲ ਆਕਰਸ਼ਤਿ ਕਰਨ ਲਈ ਸੂਬੇ ਵਿੱਚ ਸਾਲ ਭਰ ਵਿਰਾਸਤੀ ਮੇਲਿਆਂ ਅਤੇ ਤਿਉਹਾਰਾਂ ਨੂੰ ਬੜੀ ਧੂਮ-ਧਾਮ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਸੂਬਾ ਸਰਕਾਰ ਵਲੋਂ ਸੈਰ ਸਪਾਟਾ ਖੇਤਰ 'ਚ ਨਵੀਂ ਪਹਿਲਕਦਮੀਆਂ ਉਲੀਕਿਆਂ ਗਈਆਂ ਹਨ।

ਮੰਤਰੀ ਨੇ ਦੱਸਿਆ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੇ ਉਦੇਸ਼ ਨਾਲ ਸੂਬੇ ਵਿੱਚ ਸਾਲ ਭਰ 22 ਮੇਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਘੀ ਫੈਸਟੀਵਲ, ਫਿਰੋਜ਼ਪੁਰ ਵਿਖੇ ਬਸੰਤ ਫੈਸਟੀਵਲ, ਜਨਵਰੀ ਵਿਚ ਕਪੂਰਥਲਾ ਹੈਰੀਟੇਜ ਫੈਸਟੀਵਲ ਹੋਵੇਗਾ । ਇਸ ਤੋਂ ਇਲਾਵਾ ਤੋਂ ਲੁਧਿਆਣਾ ਵਿਖੇ ਕਿਲਾ ਰਾਏਪੁਰ ਦਿਹਾਤੀ ਓਲੰਪਿਕ ਹੋਵੇਗਾ। ਉਨ੍ਹਾ ਕਿਹਾ ਕਿ ਬਠਿੰਡਾ 'ਚ ਵਿਰਾਸਤੀ ਮੇਲਾ ਅਤੇ ਵਿਸਾਖੀ ਮੇਲਾ, ਮਾਰਚ 'ਚ ਪਟਿਆਲਾ 'ਚ ਹੈਰੀਟੇਜ ਫੈਸਟੀਵਲ, ਮਾਰਚ ਵਿੱਚ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਲਾ ਮੋਹਲਾ, ਅਗਸਤ ਵਿੱਚ ਸੰਗਰੂਰ ਵਿਖੇ ਤੀਆਂ ਦਾ ਮੇਲਾ, ਸਤੰਬਰ ਵਿੱਚ ਐਸ.ਬੀ.ਐਸ.ਨਗਰ ਵਿਖੇ ਇੰਨਕਲਾਬ ਫੈਸਟੀਵਲ, ਮਾਨਸਾ ਵਿਖੇ ਮਾਲਵਾ ਦੇ ਸੱਭਿਆਚਾਰ ਅਤੇ ਪਕਵਾਨਾਂ ਨੂੰ ਉਜਾਗਰ ਕਰਨ ਵਾਲਾ ਦੂਨ ਫੈਸਟੀਵਲ, ਫਾਜ਼ਲਿਕਾ ਵਿਖੇ ਪੰਜਾਬ ਹੈਂਡੀਕਰਾਫਟ ਫੈਸਟੀਵਲ, ਨਵੰਬਰ ਵਿੱਚ ਜਲੰਧਰ ਵਿਖੇ ਘੋੜਸਵਾਰ ਮੇਲਾ, ਚੰਡੀਗੜ੍ਹ ਵਿਖੇ ਮਿਲਟਰੀ ਲਿਟਰੇਚਰ ਫੈਸਟੀਵਲ, ਪਠਾਨਕੋਟ ਵਿਖੇ ਦਰਿਆਵਾਂ ਦਾ ਮੇਲਾ, ਮਾਲੇਰਕੋਟਲਾ ਵਿਖੇ ਸੂਫੀ ਫੈਸਟੀਵਲ ਆਦਿ ਮੇਲੇ ਪੰਜਾਬ ਦੀ ਅਮੀਰ ਵਿਰਾ-ਸਤ ਅਤੇ ਸੱਭਿਆਚਾਰ ਨੂੰ ਉਜਾਗਰ ਕਰਨਗੇ ।

ਮੰਤਰੀ ਨੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ 'ਨਿਹੰਗ ਓਲੰਪਿਕ' ਦੀ ਸ਼ੁਰੂਆਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਤਰਨਤਾਰਨ 'ਚ ਦਾਰਾ ਸਿੰਘ ਛਿੰਝ ਓਲੰਪਿਕ ਦੀ ਸਰੂਆਤ ਹੋਵੇਗੀ ਜਿਸ ਵਿੱਚ ਜੇਤੂ ਨੂੰ ਸੂਬਾ ਸਰਕਾਰ ਵੱਲੋ ਕੈਸ਼ ਇਨਾਮ ਤੇ ਰੁਸਤਮੇ-ਏ-ਪੰਜਾਬ ਦਾ ਖਿਤਾਬ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਰੋਪੜ ਅਤੇ ਪਠਾਨਕੋਟ ਵਿੱਚ ਸਾਲਾਨਾ ਐਡਵੇਂਚਰ ਸਪੋਰਟਸ ਵੀ ਸ਼ੁਰੂ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਗੁਰਦਾਸਪੁਰ ਵਿੱਚ ਪਹਿਲਾ 'ਸਰਦਾਰ ਹਰੀ ਸਿੰਘ ਨਲਵਾ ਜੋਸ਼ ਫੈਸਟੀਵਲ ਸ਼ੁਰੂ ਕੀਤਾ ਜਾਵੇਗਾ ਜੋਕਿ ਪੰਜਾਬੀਆਂ ਦੀ ਬਹਾਦਰੀ ਨੂੰ ਉਜਾਗਰ ਕਰੇਗਾ। ਮੰਤਰੀ ਨੇ ਦੱਸਿਆ ਕਿ ਜਨਵਰੀ ਵਿਚ ਅੰਮ੍ਰਿਤਸਰ ਵਿਖੇ ਰੰਗਲਾ ਪੰਜਾਬ ਤਿਉਹਾਰ ਹੋਵੇਗਾ ਜਿਸ ਵਿਚ ਪੰਜਾਬੀ ਸੱਭਿਆਚਾਰ ਦੇ ਸਾਰੇ ਪਹਿਲੂਆਂ ਨੂੰ ਇੱਕ ਥਾਂ ਤੇ ਪ੍ਰਦਰਸ਼ਤਿ ਕੀਤਾ ਜਾਵੇਗਾ ਜਿਸ ਵਿੱਚ ਉੱਘੇ ਨਾਵਲਕਾਰ ਅਤੇ ਕਵੀ ਹਿੱਸਾ ਲੈਣਗੇ। ਪੰਜਾਬ ਦੇ ਸੁਆਦਲੇ ਪਕਵਾਨ ਮੁਕਾਬਲੇ ਕਰਵਾਏ ਜਾਣਗੇ। ਪੰਜਾਬ ਦੇ ਸੱਭਿਆਚਾਰ ਨੂੰ ਦਰਸਾਉਂਦੇ ਰੰਗਾ ਰੰਗ ਪ੍ਰੋਗਰਾਮ ਕਰਵਾਏ ਜਾਣਗੇ ਅਤੇ ਪੰਜਾਬ ਦੀ ਕਲਾ ਅਤੇ ਸ਼ਿਲਪਕਾਰੀ ਪੇਸ਼ ਕੀਤੀ। ਉਨ੍ਹਾਂ ਕਿਹਾ ਕਿ ਜਲਦੀ ਹੀ ਮੁਹਾਲੀ ਵਿਖੇ ਸੈਰ ਸਪਾਟਾ ਸੰਮੇਲਨ ਅਤੇ ਪੰਜਾਬ ਟਰੈਵਲ ਮਾਰਟ ਆਯੋਜਿਤ ਕੀਤਾ ਜਾਵੇਗਾ।

ਇਸ ਮੌਕੇ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ ਵਿਭਾਗ ਦੇ ਸਕੱਤਰ ਗੁਰਕਿਰਤ ਕਿਰਪਾਲ ਸਿੰਘ, ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ ਵਿਭਾਗ ਦੇ ਸੰਚਾਲਕ ਸੋਨਾਲੀ ਗਿਰੀ ਅਤੇ ਹੋਰ ਉੱਘੇ ਪਤਵੰਤਿਆਂ ਸਮੇਤ ਅਧਿਕਾਰੀ ਹਾਜਰ ਸਨ।



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)




ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.

Ph:905-456-3232


JAG AUJLA 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT



# Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

Dr. Samreet Kaur Randhawa
General Family Dentist


New Patients welcome
Deal Directly with all Insurance Companies

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044








# Grand Upholstery Ltd

Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017